**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 07-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਕਿਸੇ ਵੀ ਦੇਸ਼ ਨੂੰ ਮਹੱਤਵਪੂਰਨ ਖਣਿਜਾਂ, ਤਕਨਾਲੋਜੀ ਅਤੇ ਸਪਲਾਈ ਲੜੀਆਂ ਨੂੰ ਹਥਿਆਰ ਵਜੋਂ ਨਹੀਂ ਵਰਤਣਾ ਚਾਹੀਦਾ ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ - ਆਪ੍ਰੇਸ਼ਨ ਸਿੰਦੂਰ ਦੌਰਾਨ, ਭਾਰਤ ਦੇ ਸਵਦੇਸ਼ੀ ਉਪਕਰਣਾਂ ਦੀ ਪ੍ਰਦਰਸ਼ਨ ਸਮਰੱਥਾ ਨੇ ਸਵਦੇਸ਼ੀ ਰੱਖਿਆ ਉਤਪਾਦਾਂ ਦੀ ਆਲਮੀ ਮੰਗ ਨੂੰ ਵਧਾਇਆ ਏ।
- ਉੱਤਰੀ ਰੇਲਵੇ ਨੇ ਮੁਸਾਫ਼ਰਾਂ ਦੀ ਸਹੂਲਤ ਲਈ ਅੰਮ੍ਰਿਤਸਰ-ਦਿੱਲੀ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀ ਦੇ ਡੱਬਿਆਂ ਵਿੱਚ ਵਾਧਾ ਕੀਤਾ।
- ਭਾਰਤੀ ਫੌਜ ਵਲੋਂ 26ਵੀਂ ਕਾਰਗਿਲ ਵਿਜੇ ਦਿਵਸ ਵਰ੍ਹੇਗੰਢ 'ਤੇ ਕੈਪਟਨ ਵਿਕਰਮ ਬੱਤਰਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ।

- ਦਸੂਹਾ ਵਿਚ ਹੋਏ ਸੜਕ ਹਾਦਸੇ ਵਿਚ ਇਕ ਬੱਚੀ ਸਮੇਤ 9 ਮੁਸਾਫ਼ਰਾਂ ਦੀ ਮੌਤ-ਕਈ ਜ਼ਖ਼ਮੀ ।
- ਜਲੰਧਰ ਪੁਲਿਸ ਨੇ ਫਿਰੌਤੀ ਮੰਗਣ ਵਾਲੇ 2 ਗੈਂਗਸਟਰਾਂ ਨੂੰ ਮੁਕਾਬਲੇ ਤੋਂ ਬਾਅਦ, ਦੋ ਪਿਸਤੌਲਾਂ, ਗੋਲੀ-ਸਿੱਕੇ ਅਤੇ ਨਸ਼ੀਲੀਆਂ ਗੋਲੀਆਂ ਸਮੇਤ ਕੀਤਾ ਗ੍ਰਿਫ਼ਤਾਰ ।

ਹੁਣ ਖਬਰਾਂ ਵਿਸਥਾਰ ਨਾਲ.....

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕਿਸੇ ਵੀ ਦੇਸ਼ ਨੂੰ ਮਹੱਤਵਪੂਰਨ ਖਣਿਜਾਂ, ਤਕਨਾਲੋਜੀ ਅਤੇ ਸਪਲਾਈ ਲੜੀਆਂ ਦੀ ਆਪਣੇ ਸਵਾਰਥੀ ਹਿੱਤਾਂ ਲਈ ਹਥਿਆਰ ਵਜੋਂ ਵਰਤੋਂ ਨਹੀਂ ਕਰਨੀ ਚਾਹੀਦੀ । ਰੀਓ ਡੀ ਜਨੇਰੀਓ ਵਿੱਚ ਬ੍ਰਿਕਸ ਸੰਮੇਲਨ ਦੌਰਾਨ ਇੱਕ ਗੱਲਬਾਤ ਸੈਸ਼ਨ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਪਲਾਈ ਲੜੀਆਂ ਨੂੰ ਸੁਰੱਖਿਅਤ ਅਤੇ ਲਚਕੀਲਾ ਬਣਾਉਣ ਲਈ ਮਹੱਤਵਪੂਰਨ ਖਣਿਜਾਂ ਅਤੇ ਤਕਨਾਲੋਜੀ ਖੇਤਰ ਵਿੱਚ ਸਹਿਯੋਗ ਵਧਾਉਣ ਦੀ ਲੋੜ ਏ । ਉਨ੍ਹਾਂ ਕਿਹਾ ਕਿ ਬ੍ਰਿਕਸ ਨਵੇਂ ਵਿਕਾਸ ਬੈਂਕ ਪ੍ਰੋਜੈਕਟਾਂ ਨੂੰ ਮੰਗ-ਅਧਾਰਤ ਫੈਸਲਾ ਲੈਣ,

ਵਿੱਤੀ ਸਥਿਰਤਾ ਅਤੇ ਚੰਗੀ ਕ੍ਰੈਡਿਟ ਰੇਟਿੰਗ ਬਣਾਈ ਰੱਖਣ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਏ ।  ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਲੋਕਾਂ ਦੀ ਤਰੱਕੀ ਅਤੇ ਤੰਦਰੁਸਤੀ, ਜ਼ਿਆਦਾਤਰ ਤਕਨਾਲੋਜੀ, ਖਾਸ ਕਰਕੇ ਆਰਟੀਫੀਸ਼ੀਅਲ ਇੰਟੈਲੀਜੈਂਸ  'ਤੇ ਨਿਰਭਰ ਏ । ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ AI ਨੂੰ ਮਨੁੱਖੀ ਮੁੱਲਾਂ ਅਤੇ ਸੰਭਾਵਨਾਵਾਂ ਨੂੰ ਵਧਾਉਣ ਲਈ ਇੱਕ ਮਾਧਿਅਮ ਵਜੋਂ ਦੇਖਦਾ ਏ । ਉਨ੍ਹਾਂ ਇਹ ਵੀ ਕਿਹਾ ਕਿ 'AI for All' ਦੇ ਮੰਤਰ 'ਤੇ ਕੰਮ ਕਰਦੇ ਹੋਏ, ਭਾਰਤ ਖੇਤੀਬਾੜੀ, ਸਿਹਤ, ਸਿੱਖਿਆ ਅਤੇ ਸ਼ਾਸਨ ਸਮੇਤ ਕਈ ਖੇਤਰਾਂ ਵਿੱਚ AI ਦੀ ਵਿਆਪਕ ਅਤੇ ਸਰਗਰਮੀ ਨਾਲ ਵਰਤੋਂ ਕਰ ਰਿਹਾ ਏ ।BYTE: ਪ੍ਰਧਾਨ ਮੰਤਰੀ ਨੇ AI ਨੂੰ ਜ਼ਿੰਮੇਵਾਰੀ ਨਾਲ ਵਰਤਣ ਦੀ ਲੋੜ 'ਤੇ ਜ਼ੋਰ ਦਿੱਤਾ।

-----------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ  ਕਿ ਹਾਲ ਹੀ ਵਿੱਚ ਹੋਏ ਆਪ੍ਰੇਸ਼ਨ ਸਿੰਦੂਰ ਦੌਰਾਨ, ਭਾਰਤ ਦੇ ਸਵਦੇਸ਼ੀ ਉਪਕਰਣਾਂ ਦੀ ਪ੍ਰਦਰਸ਼ਨ  ਸਮਰੱਥਾ ਨੇ ਸਵਦੇਸ਼ੀ ਰੱਖਿਆ ਉਤਪਾਦਾਂ ਦੀ ਆਲਮੀ ਮੰਗ

ਨੂੰ ਵਧਾ ਦਿੱਤਾ ਏ। ਅੱਜ ਨਵੀਂ ਦਿੱਲੀ ਵਿੱਚ ਕੰਟਰੋਲਰਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਦੇ ਰੱਖਿਆ ਖੇਤਰ ਵਿੱਚ ਅਥਾਹ ਸੰਭਾਵਨਾਵਾਂ ਨੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਭਾਰਤ ਨੇ ਰੱਖਿਆ ਖੇਤਰ ਵਿੱਚ ਕਾਫ਼ੀ ਆਤਮ -ਨਿਰਭਰਤਾ ਪ੍ਰਾਪਤ ਕੀਤੀ ਏ । ਉਨ੍ਹਾਂ ਨੇ ਕਿਹਾ ਕਿ ਵਿਦੇਸ਼ਾਂ ਤੋਂ ਦਰਾਮਦ ਕੀਤੇ ਜਾਣ ਵਾਲੇ ਜ਼ਿਆਦਾਤਰ ਰੱਖਿਆ ਉਪਕਰਣ ਹੁਣ ਸਵਦੇਸ਼ੀ ਤੌਰ 'ਤੇ ਬਣਾਏ ਜਾ ਰਹੇ ਨੇ। BYTE

---------------------------------------------------------

ਦੇਸ਼, ਕੈਪਟਨ ਵਿਕਰਮ ਬੱਤਰਾ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ , ਜਿਨ੍ਹਾਂ ਨੇ ਸਾਲ 1999 ਵਿੱਚ ਕਾਰਗਿਲ ਯੁੱਧ ਦੌਰਾਨ ਸਰਵਉੱਚ ਕੁਰਬਾਨੀ ਦਿੱਤੀ ਸੀ। ਕੈਪਟਨ ਵਿਕਰਮ ਬੱਤਰਾ ਦੀ ਕੁਰਬਾਨੀ ਨੂੰ ਯਾਦ ਕਰਦੇ ਹੋਏ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਕਾਰਗਿਲ ਯੁੱਧ ਦੌਰਾਨ ਉਨ੍ਹਾਂ ਦੀ ਬਹਾਦਰੀ ਅਤੇ ਕੁਰਬਾਨੀ ਦੇਸ਼ ਦੀ ਸੇਵਾ ਦੀ ਇੱਕ ਮਹਾਨ ਮਿਸਾਲ ਏ । ਕੈਪਟਨ ਵਿਕਰਮ ਬੱਤਰਾ ਨੇ ਸਾਲ 1999 ਵਿੱਚ

ਕਾਰਗਿਲ ਯੁੱਧ ਦੌਰਾਨ ਆਪਣੀ ਕੰਪਨੀ ਦੀ ਅਗਵਾਈ ਕੀਤੀ ਅਤੇ ਰਣਨੀਤਕ ਤੌਰ 'ਤੇ ਮਹੱਤਵਪੂਰਨ ਪੁਆਇੰਟ-5140 'ਤੇ ਕਬਜ਼ਾ ਕਰ ਲਿਆ। ਕੈਪਟਨ ਬੱਤਰਾ ਨੇ ਅਦੁੱਤੀ ਹਿੰਮਤ ਅਤੇ ਬਹਾਦਰੀ ਦਿਖਾਈ ਅਤੇ ਪੁਆਇੰਟ-4875 'ਤੇ ਕਬਜ਼ਾ ਕਰਨ ਦੇ ਲਗਭਗ ਅਸੰਭਵ ਮਿਸ਼ਨ ਨੂੰ ਪੂਰਾ ਕੀਤਾ। ਇਸ ਦੌਰਾਨ, ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਪਰ ਉਨ੍ਹਾਂ ਨੇ ਹਮਲਾ ਜਾਰੀ ਰੱਖਿਆ। ਕੈਪਟਨ ਬੱਤਰਾ ਨੂੰ ਮਰਨ ਉਪਰੰਤ ਪਰਮਵੀਰ ਚੱਕਰ ਨਾਲ ਸਨਮਾਨਿਤ ਕੀਤਾ ਗਿਆ। ਓਧਰ ਭਾਰਤੀ ਫੌਜ ਨੇ ਚੰਡੀਗੜ੍ਹ ਦੇ ਡੀ.ਏ.ਵੀ ਕਾਲਜ ਵਿਖੇ ਕੈਪਟਨ ਵਿਕਰਮ ਬੱਤਰਾ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ  ਕੈਪਟਨ ਬੱਤਰਾ ਦੇ ਪਿਤਾ ਗਿਰਧਾਰੀ ਲਾਲ ਬੱਤਰਾ ਅਤੇ ਭਰਾ ਵਿਸ਼ਾਲ ਬੱਤਰਾ ਨੂੰ ਫੌਜ ਦੇ ਅਧਿਕਾਰੀਆਂ ਵੱਲੋਂ ਇੱਕ ਯਾਦਗਾਰੀ ਚਿੰਨ੍ਹ ਅਤੇ ਧੰਨਵਾਦ ਪੱਤਰ ਭੇਟ ਕੀਤਾ ਗਿਆ। ਜੀ.ਐਲ. ਬੱਤਰਾ ਨੇ ਕਿਹਾ ਕਿ ਕੈਪਟਨ ਵਿਕਰਮ ਬੱਤਰਾ ਦੀ ਕੁਰਬਾਨੀ ਅਤੇ ਬਹਾਦਰੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ, ਅਤੇ ਉਨ੍ਹਾਂ ਦੀ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਐਨ.ਸੀ.ਸੀ ਚੰਡੀਗੜ੍ਹ ਦੇ ਗਰੁੱਪ ਕਮਾਂਡਰ, ਬ੍ਰਿਗੇਡੀਅਰ

ਵੀ.ਐਸ ਚੌਹਾਨ ਨੇ ਕੈਡਿਟਾਂ ਨੂੰ ਕੈਪਟਨ ਬੱਤਰਾ ਦੇ ਸਾਹਸੀ ਜੀਵਨ ਤੋਂ ਪ੍ਰੇਰਨਾ ਲੈਣ ਲਈ ਉਤਸਾਹਿਤ ਕੀਤਾ । ਪ੍ਰੋਗਰਾਮ ਦੌਰਾਨ, ਕੈਪਟਨ ਵਿਕਰਮ ਬੱਤਰਾ ਦੇ ਜੀਵਨ ਅਤੇ ਕੁਰਬਾਨੀ 'ਤੇ ਇੱਕ ਫਿਲਮ ਦਿਖਾਈ ਗਈ ।

---------------------------------------------------------

ਫਾਜ਼ਿਲਕਾ ਜ਼ਿਲੇ ਦੇ ਅਬੋਹਰ ਸ਼ਹਿਰ ‘ਚ ਅੱਜ ਕੁਝ ਅਣਪਛਾਤੇ ਕਾਰ ਸਵਾਰ ਬਦਮਾਸ਼ਾਂ ਨੇ ਕਪੜਾ ਵਪਾਰੀ ਅਤੇ ਡ੍ਰੇਸ ਡਿਜਾਇਨਰ ਸੰਜੇ ਵਰਮਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ । ਜ਼ਿਲ੍ਹਾ ਪੁਲਿਸ ਮੁਖੀ ਗੁਰਮੀਤ ਸਿੰਘ ਮੌਕੇ 'ਤੇ ਪਹੁੰਚੇ ਅਤੇ ਘਟਨਾ ਦੀ ਜਾਂਚ ਕੀਤੀ । ਉਨ੍ਹਾਂ ਨੇ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ ਹਮਲਾਵਰਾਂ ਦੀ ਜਲਦ ਪਛਾਣ ਕਰਕੇ ਉਨ੍ਹਾਂ ਨੂੰ ਗਿਰਫ਼ਤਾਰ ਕੀਤਾ ਜਾਵੇਗਾ। ਉਨ੍ਹਾਂ ਦਸਿਆ ਕਿ ਪੁਲਿਸ ਵੱਲੋਂ ਸੀਸੀਟੀਵੀ ਫੁਟੇਜ ਦੀ ਮਦਦ ਨਾਲ ਜਾਂਚ ਚਲ ਰਹੀ ਏ ।ਓਧਰ ਅਬੋਹਰ ਵਿੱਚ ਇਸ ਘਟਨਾ 'ਤੇ ਸੰਜੇ ਵਰਮਾ ਦੇ ਪਰਿਵਾਰ ਦੇ ਨਾਲ ਸੰਵੇਦਨਾ ਜਤਾਉਂਦਿਆਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨੇ, ਸੂਬੇ ਵਿੱਚ ਵਧ ਰਹੇ ਅਪਰਾਧ 'ਤੇ ਆਪਣੀਆਂ ਪ੍ਰਤਿਕਰਮ ਦਿੰਦੇ ਕਿਹਾ

ਕਿ ਕਾਨੂੰਨ ਵਿਵਸਥਾ ਵਿਗੜ ਗਈ ਏ।  ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਇਸ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਏ। ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਬੀਤੇ ਦਿਨੀ ਮੋਗਾ ਦੇ ਇੱਕ ਡਾਕਟਰ ਤੇ ਹੋਇਆ ਕਾਤਲਾਨਾ ਹਮਲਾ ਅਤੇ ਅੱਜ ਅਬੋਹਰ ਵਿੱਚ ਸੰਜੇ ਵਰਮਾ ਦੀ ਮੌਤ ਵਿਚ  ਇੱਕ ਅਪਰਾਧਕ  ਗੈਂਗ ਦੀ ਸ਼ਮੂਲੀਅਤ ਦਾ ਖਦਸ਼ਾ ਏ, ਉਹਨਾਂ ਚਿੰਤਾ ਜਾਹਿਰ ਕਰਦਿਆਂ ਪੰਜਾਬ ਪੁਲਿਸ ਦੀ ਕਾਰਗੁਜਾਰੀ ਤੇ ਸਵਾਲੀਆ ਨਿਸ਼ਾਨ ਲਗਾਇਆ ਏ ਸੀਨੀਅਰ ਕਾਂਗਰਸੀ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਇਹਨਾਂ ਵੱਧ ਰਹੇ ਅਪਰਾਧਾਂ ਤੇ ਚਿੰਤਾ ਜਤਾਉਂਦਿਆਂ ਪੰਜਾਬ ਦੇ ਆਉਂਦੇ ਵਿਧਾਨ ਸਭਾ ਇਜਲਾਸ ਵਿੱਚ ਇੱਕ ਵਾਰ ਫਿਰ ਤੋਂ ਜਨਤਾ ਦੀ ਸੁਰੱਖਿਆ ਦੇ ਮੁੱਦੇ ਤੇ ਗੰਭੀਰ ਚਰਚਾ ਕਰਨ ਲਈ ਕਿਹਾ ਏ।ਉਧਰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸੁਖਬੀਰ ਸਿੰਘ ਬਾਦਲ ਨੇ  ਇਸ ਦਿਨ ਦਿਹਾੜੇ ਹੋਏ ਕਤਲ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਇਸ ਦੇ ਸਾਜਿਸ਼ਕਾਰਾਂ ਨੂੰ ਜਲਦ ਗਿਰਫਤਾਰ ਕੀਤਾ ਜਾਵੇ।

-----------------------------------------------------

ਅੱਜ ਸ੍ਰੀ ਅਮਰਨਾਥ ਜੀ ਯਾਤਰਾ ਦਾ 5ਵਾਂ ਦਿਨ ਏ । ਇਹ ਯਾਤਰਾ ਇਸ ਮਹੀਨੇ ਦੀ 3 ਤਰੀਕ ਨੂੰ ਸ਼ੁਰੂ ਹੋਈ ਸੀ। ਵੇਰਵੇ ਨਾਲ ਇਕ ਰਿਪੋਰਟ : *ਸ੍ਰੀ ਅਮਰਨਾਥ ਯਾਤਰਾ ਨੂੰ ਲੈ ਕੇ ਪੂਰੇ ਜੰਮੂ-ਕਸ਼ਮੀਰ ਵਿੱਚ ਜਸ਼ਨ ਅਤੇ ਉਤਸ਼ਾਹ ਦੇ ਮਾਹੌਲ ਵਿਚਕਾਰ, ਕੱਲ੍ਹ ਸ਼ਾਮ ਤੱਕ, ਲਗਭਗ 70 ਹਜ਼ਾਰ ਸ਼ਰਧਾਲੂਆਂ ਨੇ ਪਵਿੱਤਰ ਗੁਫਾ ਵਿੱਚ ਪੂਜਾ ਕੀਤੀ। ਹਜ਼ਾਰਾਂ ਸ਼ਰਧਾਲੂ ਬਾਲਟਾਲ ਅਤੇ ਪਹਿਲਗਾਮ ਬੇਸ ਕੈਂਪਾਂ ਦੇ ਦੋਹਰੇ ਰਸਤਿਆਂ ਰਾਹੀਂ ਪਵਿੱਤਰ ਗੁਫਾ ਵੱਲ ਜਾ ਰਹੇ ਹਨ। ਦੁਪਹਿਰ 12:00 ਵਜੇ ਤੱਕ, 13 ਹਜ਼ਾਰ 300 ਤੋਂ ਵੱਧ ਸ਼ਰਧਾਲੂਆਂ ਨੇ ਪਵਿੱਤਰ ਗੁਫਾ ਦੇ ਦਰਸ਼ਨ ਕੀਤੇ। ਅੱਜ ਪਹਿਲਾਂ, 373 ਵਾਹਨਾਂ ਵਿੱਚ ਔਰਤਾਂ, ਬੱਚੇ, ਸਾਧੂ, ਸਾਧਵੀਆਂ ਸਮੇਤ 8600 ਤੋਂ ਵੱਧ ਸ਼ਰਧਾਲੂਆਂ ਦਾ ਛੇਵਾਂ ਜਥਾ ਜੰਮੂ ਦੇ ਭਗਵਤੀ ਨਗਰ ਬੇਸ ਕੈਂਪ ਤੋਂ ਦੋ ਵੱਖ-ਵੱਖ ਕਾਫਲਿਆਂ ਵਿੱਚ ਰਵਾਨਾ ਹੋਇਆ।*

*ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ*

------------------------------------------------------------

ਹੁਸ਼ਿਆਰਪੁਰ ਨਜ਼ਦੀਕ ਦਸੂਹਾ ਵਿਚ ਅੱਜ ਸਵੇਰੇ ਇਕ ਮਿਨੀ ਬੱਸ ਦੇ ਪਲਟਨ ਕਾਰਨ ਵਾਪਰੇ ਸੜਕ ਹਾਦਸੇ ਵਿਚ ਇਕ ਬੱਚੀ ਸਮੇਤ 9 ਮੁਸਾਫ਼ਰਾਂ  ਦੀ ਮੌਤ ਹੋ ਗਈ ਜਦਕਿ ਦਰਜਨ ਤੋਂ ਵੱਧ ਜ਼ਖ਼ਮੀ ਹੋਏ ਨੇ। ਇਨ੍ਹਾਂ ਵਿੱਚੋਂ ਕੁਝ ਜ਼ਖ਼ਮੀਆਂ ਦੀ ਹਾਲਤ ਗੰਭੀਰ ਬਣੀ ਹੋਈ ਏ। ਸੂਤਰਾਂ ਮੁਤਾਬਕ ਸਾਗਰਾਂ ਬੱਸ ਅੱਡੇ ਨੇੜੇ ਚਾਲਕ ਵੱਲੋਂ ਸੰਤੁਲਨ ਗੁਆਉਣ ਕਾਰਨ ਇਹ ਹਾਦਸਾ ਹੋਇਆ ਦੱਸਿਆ ਗਿਆ ਏ।

------------------------------------------------------------

ਸਮਾਣਾ ਹਲਕਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਅਨੁਸੂਚਿਤ ਜਾਤੀ ਭਾਈਚਾਰੇ ਦੇ 86 ਲਾਭਪਾਤਰੀਆਂ ਨੂੰ 1 ਕਰੋੜ 36 ਲਖ ਰੁਪਏ ਦੀ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਪ੍ਰਦਾਨ ਕੀਤੇ ਨੇ। ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਅੰਦਰ 400 ਲਾਭਪਾਤਰੀਆਂ ਨੂੰ 4 ਕਰੋੜ 83 ਲੱਖ ਰੁਪਏ ਦੀ ਕਰਜ਼ਾ ਮੁਆਫ਼ੀ ਦਾ ਲਾਭ ਮਿਲਿਆ ਏ। ਉਨ੍ਹਾਂ ਦਸਿਆ ਕਿ ਸੰਬੰਧਤ ਪਰਿਵਾਰਾਂ ਵੱਲੋ ਪੰਜਾਬ ਅਨੁਸੂਚਿਤ ਜਾਤੀਆਂ ਭੋਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਤੋਂ

ਲਏ ਗਏ ਕਰਜ਼ਿਆਂ ਨੂੰ ਮਾਫ ਕਰਕੇ ਇਕ ਵੱਡੀ ਰਾਹਤ ਪ੍ਰਦਾਨ ਕੀਤੀ ਏ । ਉਨ੍ਹਾਂ ਨੇ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਵੰਡਦਿਆਂ ਕਿਹਾ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਲੋੜਵੰਦ ਲੋਕਾਂ ਦੀ ਮਦਦ ਲਈ ਵਚਨਬੱਧ ਏ । ਉਨ੍ਹਾਂ ਕਿਹਾ ਕਿ ਭਾਈਚਾਰੇ ਵੱਲੋਂ ਲੰਬੇ ਸਮੇਂ ਤੋਂ ਇਹ ਮੰਗ ਕੀਤੀ ਜਾ ਰਹੀ ਸੀ ਕਿ ਉਨ੍ਹਾਂ ਦੇ ਕਰਜ਼ੇ ਮਾਫ ਕੀਤੇ ਜਾਣ, ਕਿਉਂਕਿ ਹੜਾਂ, ਬਿਮਾਰੀਆਂ ਅਤੇ ਆਰਥਿਕ ਕਮਜ਼ੋਰੀ ਕਾਰਨ ਬਹੁਤ ਸਾਰੇ ਪਰਿਵਾਰ ਉਕਤ ਕਰਜ਼ੇ ਅਦਾ ਕਰਨ ਵਿੱਚ ਅਸਮਰੱਥ ਸਨ। ਉਨ੍ਹਾਂ ਕਿਹਾ ਕਿ ਕਾਰਪੋਰੇਸ਼ਨ ਵੱਲੋਂ ਵੱਖ-ਵੱਖ ਸਕੀਮਾਂ ਹੇਠ ਇਹ ਕਰਜ਼ੇ ਘੱਟ ਵਿਆਜ ਦਰਾਂ ’ਤੇ ਦਿੱਤੇ ਜਾਂਦੇ ਹਨ, ਜਿਸ ਨਾਲ ਗਰੀਬ ਪਰਿਵਾਰਾਂ ਨੂੰ ਵਪਾਰ, ਰੋਜ਼ਗਾਰ ਅਤੇ ਸਵੈਰੋਜ਼ਗਾਰ ਸਥਾਪਿਤ ਕਰਨ ਵਿੱਚ ਮਦਦ ਮਿਲਦੀ ਏ ।

---------------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਫਿਰੌਤੀ ਮੰਗਣ ਵਾਲੇ ਦੋ ਖਤਰਨਾਕ ਗੈਂਗਸਟਰਾਂ ਨੂੰ ਪੁਲਿਸ ਮੁਕਾਬਲੇ ਦੌਰਾਨ ਗ੍ਰਿਫ਼ਤਾਰ ਕਰਕੇ, ਉਨ੍ਹਾਂ ਪਾਸੋਂ ਭਾਰੀ ਮਾਤਰਾ ਵਿੱਚ ਨਸ਼ੀਲੀਆਂ ਗੋਲੀਆਂ, 2 ਨਾਜਾਇਜ਼ ਪਿਸਤੌਲ ਅਤੇ

ਗੋਲੀ ਸਿੱਕਾ ਬਰਾਮਦ ਕੀਤਾ ਗਿਆ ਏ । ਸੀਨੀਅਰ ਪੁਲਿਸ ਕਪਤਾਨ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਪੁਲਿਸ ਨੇ ਵੱਖ ਵੱਖ ਪਿੰਡਾਂ ਵਿਚ ਦੋ ਸ਼ੱਕੀ ਨੌਜਵਾਨਾਂ ਬਾਰੇ ਸੂਚਨਾ ਮਿਲਣ ’ਤੇ ਕਾਰਵਾਈ ਕਰਦਿਆਂ ਪਿੰਡ ਕੋਟਲੀ ਗਾਜਰਾਂ ਨੇੜੇ  ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਭੱਜਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ , ਪੁਲਿਸ ’ਤੇ ਗੋਲੀਆਂ ਚਲਾ ਦਿੱਤੀਆਂ। ਪੁਲਿਸ ਵਲੋਂ ਆਪਣੇ ਬਚਾਅ ਵਿੱਚ ਸ਼ੱਕੀ ਨੌਜਵਾਨਾਂ ਨੂੰ ਕਾਬੂ ਕਰਨ ਲਈ ਜਵਾਬੀ ਕਾਰਵਾਈ ਕਰਦਿਆਂ ਫਾਇਰ ਕੀਤੇ ਗਏ ਅਤੇ ਮੌਕੇ ਤੋਂ ਇਨ੍ਹਾਂ ਪਾਸੋਂ ਦੋ ਦੇਸੀ ਪਿਸਤੌਲ 32 ਬੋਰ ਸਮੇਤ 5 ਰੋਂਦ ਤੇ 110 ਨਸ਼ੀਲੀਆਂ ਗੋਲੀਆਂ ਅਤੇ ਇਕ ਮੋਟਰਸਾਈਕਲ ਬਰਾਮਦ ਹੋਇਆ।  ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਖੰਨਾ ਵਾਸੀ ਲਖਵਿੰਦਰ ਸਿੰਘ ਉਰਫ਼ ਖੰਨਾ ਵਾਸੀ ਅਤੇ ਪਿੰਡ ਕੰਦੋਲਾ ਕਲਾਂ ਦੇ ਅਜੇ ਕੁਮਾਰ ਉਰਫ਼ ਅਜੇ ਬਾਬਾ ਵਜੋਂ ਹੋਈ ਏ  । ਐਸ.ਐਸ.ਪੀ. ਨੇ ਦੱਸਿਆ ਕਿ ਮੁੱਢਲੀ ਪੁਛਗਿੱਛ ਦੌਰਾਨ ਸਾਹਮਣੇ ਆਇਆ ਕਿ ਇਹ ਦੋਵੇਂ ਨਸ਼ੇ, ਹਥਿਆਰਾਂ ਦੀ ਤਸਕਰੀ ਅਤੇ ਫਿਰੌਤੀ ਮੰਗਣ ਵਾਲੇ ਗਿਰੋਹ ਦੇ ਮੈਂਬਰ ਨੇ  । ਇਸ ਗਿਰੋਹ ਦੇ ਮੁੱਖ

ਸਰਗਨਾ ਅਮਰੀਕਾ ਅਤੇ ਇੰਗਲੈਂਡ ਵਿੱਚ ਬੈਠ ਕੇ ਗੈਂਗ ਮੁੱਖੀਆਂ ਦੇ ਨਾਂ ’ਤੇ ਲੋਹੀਆ ਇਲਾਕੇ ਵਿੱਚ ਵੱਖ-ਵੱਖ ਕਾਰੋਬਾਰੀਆਂ ਨੂੰ ਡਰਾ ਧਮਕਾ ਕੇ ਮੋਟੀਆ ਫਿਰੌਤੀਆਂ ਮੰਗਦੇ ਅਤੇ ਵੱਡੀ ਤਾਦਾਦ ਵਿੱਚ ਨਸ਼ੇ ਦਾ ਧੰਦਾ ਕਰਦੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖਿਲਾਫ਼ ਵੱਖ-ਵੱਖ ਥਾਣਿਆਂ ਵਿੱਚ ਫਿਰੌਤੀਆਂ ਮੰਗਣ ਅਤੇ ਇਰਾਦਾ ਕਤਲ ਦੇ ਮੁਕੱਦਮੇ ਪਹਿਲਾਂ ਹੀ ਦਰਜ ਨੇ, ਜਿਨ੍ਹਾਂ ਵਿੱਚੋਂ ਫਰਾਰ ਚੱਲੇ ਆ ਰਹੇ ਸਨ।

--------------------------------------------------------

ਉੱਤਰੀ ਰੇਲਵੇ ਨੇ ਮੁਸਾਫ਼ਰਾਂ ਦੀ ਸਹੂਲਤ ਅਤੇ ਵਧਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ, ਵੰਦੇ ਭਾਰਤ ਐਕਸਪ੍ਰੈਸ ਅੰਮ੍ਰਿਤਸਰ-ਦਿੱਲੀ-ਅੰਮ੍ਰਿਤਸਰ ਦੇ ਡੱਬਿਆਂ ਦੀ ਗਿਣਤੀ ਨੂੰ ਸਥਾਈ ਤੌਰ 'ਤੇ ਵਧਾ ਦਿੱਤਾ ਏ। ਇਹ ਰੇਲਗੱਡੀ ਹੁਣ 8 ਡੱਬਿਆਂ ਦੀ ਬਜਾਏ 16 ਡੱਬਿਆਂ ਦੇ ਰੈਕ ਨਾਲ ਚਲਾਈ ਜਾਵੇਗੀ, ਤਾਂ ਜੋ ਹੁਣ ਹੋਰ ਮੁਸਾਫ਼ਰਾਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਰੇਲ ਯਾਤਰਾ ਪ੍ਰਦਾਨ ਕੀਤੀ ਜਾ ਸਕੇ। ਇਹ ਤਬਦੀਲੀ 10 ਜੁਲਾਈ ਤੋਂ ਦਿੱਲੀ ਤੋਂ ਅਤੇ 12 ਜੁਲਾਈ ਤੋਂ ਅੰਮ੍ਰਿਤਸਰ ਤੋਂ ਲਾਗੂ ਹੋਵੇਗੀ। ਇਸ ਤਬਦੀਲੀ ਨਾਲ, ਅੰਮ੍ਰਿਤਸਰ, ਬਿਆਸ, ਜਲੰਧਰ,

ਲੁਧਿਆਣਾ, ਅੰਬਾਲਾ ਅਤੇ ਦਿੱਲੀ ਖੇਤਰ ਦੇ ਹੋਰ ਯਾਤਰੀ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਵੰਦੇ ਭਾਰਤ ਰੇਲਗੱਡੀ ਦੀ ਸਹੂਲਤ ਪ੍ਰਾਪਤ ਕਰ ਸਕਣਗੇ।

---------------------------------------------------------

ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ.ਮੋਹਨ ਯਾਦਵ ਦੀ ਅਗਵਾਈ ਹੇਠ ਬੰਗਲੁਰੂ ਅਤੇ ਸੂਰਤ ਵਿੱਚ ਸਫਲ ਰੋਡ ਸ਼ੋਅ ਤੋਂ ਬਾਅਦ ਮੱਧ ਪ੍ਰਦੇਸ਼ ਦੇ ਨਿਵੇਸ਼ ਸੰਵਾਦ ਦੇ ਤੀਜੇ ਐਪੀਸੋਡ ਵਜੋਂ ਲੁਧਿਆਣਾ ਵਿੱਚ ਇੱਕ ਰੋਡ ਸ਼ੋਅ ਆਯੋਜਿਤ ਕੀਤਾ ਗਿਆ । ਦੇਸ਼ ਦੇ ਪ੍ਰਮੁੱਖ ਉਦਯੋਗਿਕ ਸ਼ਹਿਰਾਂ ਵਿੱਚੋਂ ਇੱਕ, ਲੁਧਿਆਣਾ ਵਿੱਚ ਇਹ ਸਮਾਗਮ ਕਪੜਾ ਉਦਯੋਗ , ਨਿਰਮਾਣ, ਖੁਰਾਕ ਪ੍ਰੋਸੈਸਿੰਗ ਅਤੇ ਆਈ.ਟੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਨਿਵੇਸ਼ ਭਾਈਵਾਲੀ ਦੇ ਮਾਮਲੇ ਵਿੱਚ ਮਹੱਤਵਪੂਰਨ ਮੰਨਿਆ ਜਾਂਦਾ ਏ । ਲੁਧਿਆਣਾ ਵਿੱਚ ਇਹ ਰੋਡ ਸ਼ੋਅ ਮੱਧ ਪ੍ਰਦੇਸ਼ ਦੀ ਉਦਯੋਗਿਕ ਸਮਰੱਥਾਵਾਂ, ਨੀਤੀ ਸਥਿਰਤਾ ਅਤੇ ਨਿਵੇਸ਼-ਅਨੁਕੂਲ ਵਾਤਾਵਰਣ ਨੂੰ ਦੇਸ਼ ਦੇ ਪ੍ਰਮੁੱਖ ਉਦਯੋਗ ਸਮੂਹਾਂ ਨੂੰ ਪੇਸ਼ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਬਣੇਗਾ । ਡਾ. ਯਾਦਵ ਨੇ ਲੁਧਿਆਣਾ ਵਿੱਚ ਸਥਿਤ ਵਰਧਮਾਨ

ਟੈਕਸਟਾਈਲ ਅਤੇ ਦੀਪਕ ਫਾਸਟਨਰ ਵਰਗੇ ਪ੍ਰਮੁੱਖ ਉਦਯੋਗਿਕ ਅਦਾਰਿਆਂ ਦਾ ਦੌਰਾ ਕੀਤਾ । ਮੁੱਖ ਮੰਤਰੀ ਨੇ ਲੁਧਿਆਣਾ ਦੇ ਪ੍ਰਮੁੱਖ ਉੱਦਮੀਆਂ ਅਤੇ ਉਦਯੋਗਿਕ ਸਮੂਹਾਂ ਦੇ ਅਹੁਦੇਦਾਰਾਂ ਨਾਲ ਨਿੱਜੀ ਮੀਟਿੰਗਾਂ ਵਿੱਚ ਵੀ ਹਿੱਸਾ ਲਿਆ ਇਨ੍ਹਾਂ ਗੱਲਬਾਤਾਂ ਵਿੱਚ, ਉਦਯੋਗ ਨੁਮਾਇੰਦਿਆਂ ਤੋਂ ਸੰਭਾਵੀ ਨਿਵੇਸ਼ ਪ੍ਰਸਤਾਵਾਂ, ਭਾਈਵਾਲੀ ਦੇ ਖੇਤਰਾਂ ਅਤੇ ਜ਼ਰੂਰੀ ਸਰਕਾਰੀ ਸਹਾਇਤਾ ਵਰਗੇ ਵਿਸ਼ਿਆਂ 'ਤੇ ਚਰਚਾ ਹੋਈ। ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਵਿਹਾਰਕ ਅਤੇ ਨਤੀਜਾ-ਮੁਖੀ ਗੱਲਬਾਤ ਰਾਹੀਂ ਲੰਬੇ ਸਮੇਂ ਦੇ ਉਦਯੋਗਿਕ ਸਹਿਯੋਗ ਨੂੰ ਮਜ਼ਬੂਤ ਕਰਨਾ ਏ ।

---------------------------------------------------------------

ਸਮਾਣਾ ਦੇ ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠਲੀ ਵਿਸ਼ੇਸ਼ ਟੀਮ ਨੇ ਅੱਜ ਪ੍ਰਾਈਵੇਟ ਸਕੂਲਾਂ ਦੇ ਵਾਹਨਾਂ ਦੀ ਚੈਕਿੰਗ ਕੀਤੀ। ਇਸ ਦੌਰਾਨ ਸੁਰੱਖਿਅਤ ਸਕੂਲ ਵਾਹਨ ਨੀਤੀ ਤਹਿਤ ਸਾਹਮਣੇ ਆਈਆਂ ਖਾਮੀਆਂ ਕਰਕੇ 22 ਚਲਾਨ ਕੱਟੇ ਗਏ। ਜਿਕਰਯੋਗ ਏ ਕਿ ਬੀਤੇ ਸਮੇਂ ਸਮਾਣਾ ਸੜਕ ਉਤੇ ਹੋਏ ਸੜਕ ਹਾਦਸੇ ਦਾ ਗੰਭੀਰ ਨੋਟਿਸ ਲੈਂਦਿਆਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪੰਜਾਬ

ਸਰਕਾਰ ਦੀਆਂ ਹਦਾਇਤਾਂ ਅਤੇ ਸੁਰੱਖਿਅਤ ਸਕੂਲ ਵਾਹਨ ਨੀਤੀ ਮੁਤਾਬਿਕ ਸਮਾਣਾ ਦੇ ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਟੀਮ ਗਠਿਤ ਕੀਤੀ ਗਈ ਸੀ। ਰਿਚਾ ਗੋਇਲ ਨੇ ਦੱਸਿਆ ਕਿ ਜੂਨ, ਮਹੀਨੇ ਵਿੱਚ ਸਾਰੇ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਇਨਚਾਰਜਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਸਨ, ਜਿਸ ਵਿੱਚ ਸਾਰੇ ਸਕੂਲਾਂ ਨੂੰ ਹਦਾਇਤ ਕੀਤੀ ਗਈ ਕਿ ਸਕੂਲਾਂ ਲਈ ਵਰਤੀ ਜਾ ਰਹੀ ਸਕੂਲ ਅਤੇ ਪ੍ਰਾਈਵੇਟ ਟਰਾਂਸਪੋਰਟ ਦਾ ਡਾਟਾ ਭੇਜਿਆ ਜਾਵੇ ਤਾਂ ਜੋ ਉਹਨਾਂ ਦੇ ਕਾਗਜਾਤ ਚੈਕ ਕੀਤੇ ਜਾ ਸਕਣ। ਉਹਨਾਂ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਖਾਮੀਆਂ ਤੁਰੰਤ ਪੂਰੀਆਂ ਕੀਤੀਆਂ ਜਾਣ ਅਤੇ ਇਸ ਸਬੰਧੀ ਬੱਚਿਆਂ ਦੇ ਮਾਪਿਆਂ ਨਾਲ ਵੀ ਰਾਬਤਾ ਕੀਤਾ ਜਾਵੇ ਅਤੇ ਉਨਾਂ ਨੂੰ ਵੀ ਜਾਰੀ ਹਦਾਇਤਾਂ ਸਬੰਧੀ ਜਾਣੂ ਕਰਵਾਇਆ ਜਾਵੇ।

---------------------------------------------------------

ਪੰਜਾਬ ਰੋਡਵੇਜ਼ ਪਨਬਸ,ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਜਥੇਬੰਦੀ ਵਲੋਂ ਅੱਜ ਵੱਲੋ ਪੰਜਾਬ ਦੇ ਸਮੂਹ ਡਿੱਪੂਆਂ ਤੇ ਗੇਟ ਰੈਲੀਆਂ ਕੀਤੀਆਂ ਗਈਆਂ । ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਦਸਿਆ ਕਿ

ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਸਮੇਤ ਹੋਰਨਾਂ ਮੰਗਾਂ ਨੂੰ ਲੈਕੇ ਇਹ ਰੈਲੀਆਂ ਕੀਤੀਆਂ ਗਈਆਂ ਨੇ । ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੰਗਾ ਦਾ ਹੱਲ ਨਾ ਕੀਤਾ ਤਾਂ 9,10,ਤੇ 11 ਜੁਲਾਈ ਨੂੰ ਜਥੇਬੰਦੀ ਵਲੋਂ ਪੂਰਨ ਤੌਰ 'ਤੇ ਚੱਕਾ ਜਾਮ ਕਰਕੇ ਸਰਕਾਰ ਖਿਲਾਫ ਰੋਸ ਧਰਨਾ ਦਿੱਤਾ ਜਾਵੇਗਾ ।

---------------------------------------------------------

ਬ੍ਰਾਜ਼ੀਲ ਦੇ ਰੀਓ ਡਿ ਜਨੇਰੀਓ ਵਿਚ ਬ੍ਰਿਕਸ ਸਿਖਰ ਸੰਮੇਲਨ ਦੇ ਐਲਾਨਨਾਮੇ ਵਿਚ 22 ਅ੍ਰਪੈਲ ਦੇ ਪਹਿਲਗਾਮ ਅੱਤਵਾਦੀ ਹਮਲੇ ਦੀ ਸਖ਼ਤ ਨਿਖੇਧੀ ਕੀਤੀ ਗਈ ਏ, ਇਸ ਹਮਲੇ ਵਿਚ 26 ਵਿਅਕਤੀ ਮਾਰੇ ਗਏ ਸਨ। ਬ੍ਰਿਕਸ ਨੇਤਾਵਾਂ ਨੇ ਸਰਹੱਦ ਪਾਰੋਂ ਅੱਤਵਾਦ, ਇਸ ਨੂੰ ਸਰਪ੍ਰਸਤੀ ਦੇਣ ਤੇ ਅੱਤਵਾਦੀ ਸਰਗਰਮੀਆਂ ਲਈ ਵਿੱਤ ਪੋਸ਼ਣ ਸਮੇਤ ਹਰ ਕਿਸਮ ਦੇ ਅੱਤਵਾਦ ਨਾਲ ਨਜਿੱਠਣ ਦੀ ਵਚਨਬੱਧਤਾ ਦੁਹਰਾਈ। ਐਲਾਨਨਾਮੇ ਵਿਚ ਅੱਤਵਾਦ ਨੂੰ ਕਤਈ ਬਰਦਾਸ਼ਤ ਨਾ ਕਰਨ ਦੀ ਨੀਤੀ ਯਕੀਨੀ ਬਣਾਉਣ ਅਤੇ ਇਸ ਨਾਲ ਸਿੱਝਣ ਦੇ ਦੋਹਰੇ ਮਾਪਦੰਡਾਂ ਨੂੰ ਖ਼ਾਰਜ ਕਰਨ ਦੀ ਅਪੀਲ ਕੀਤੀ ਗਈ ਏ।

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਵਿਧਾਨ ਸਭਾ ਦਾ ਇਜਲਾਸ 10 ਜੁਲਾਈ ਨੂੰ ਸਵੇਰੇ 11.00 ਵਜੇ ਪੰਜਾਬ ਵਿਧਾਨ ਸਭਾ ਹਾਲ, ਵਿਧਾਨ ਭਵਨ ਚੰਡੀਗੜ ਵਿਖੇ ਸੱਦ ਲਿਆ ਏ। ਇਸ ਤੋਂ ਪਹਿਲਾਂ 5 ਮਈ ਨੂੰ ਅਣਮਿੱਥੇ ਸਮੇਂ ਲਈ ਵਿਧਾਨ ਸਭਾ ਦਾ ਇਜਲਾਸ ਮੁਲਤਵੀ ਕਰ ਦਿੱਤਾ ਗਿਆ ਸੀ।

------------------------------------------------------------

ਪੰਜਾਬ ਦੇ ਰਾਜਪਾਲ ਤੇ ਕੇਂਦਰ ਸ਼ਾਸਤ ਸੂਬੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕੱਲ੍ਹ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਨਮ ਵਰ੍ਹੇਗੰਢ ਮਨਾਉਣ ਲਈ ਕਰਵਾਏ ਸੂਬਾ ਪੱਧਰੀ ਪ੍ਰੋਗਰਾਮ ਵਿਚ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਰਾਜਪਾਲ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਪੱਕੇ ਰਾਸ਼ਟਰਵਾਦੀ, ਦੂਰਅੰਦੇਸ਼ ਨੇਤਾ, ਵਿਚਾਰਸ਼ੀਲ ਸਿੱਖਿਆ ਸ਼ਾਸਤਰੀ ਸਨ, ਜਿਨ੍ਹਾਂ ਦਾ ਜੀਵਨ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਏ। ਰਾਜਪਾਲ ਨੇ ਕਿਹਾ ਕਿ ਡਾ. ਮੁਖਰਜੀ ਆਜ਼ਾਦ ਭਾਰਤ ਦੇ ਪਹਿਲੇ ਉਦਯੋਗ ਮੰਤਰੀ ਬਣੇ ਅਤੇ ਉਨ੍ਹਾਂ

ਵੱਲੋਂ 1948 ਵਿਚ ਪੇਸ਼ ਕੀਤੀ ਗਈ ਸਨਅਤੀ ਨੀਤੀ ਨੂੰ ਹਾਲੇ ਵੀ ਦੇਸ਼ ਦੇ ਸਵੈ-ਨਿਰਭਰ ਸਨਅਤੀ ਢਾਂਚੇ ਦੀ ਨੀਂਹ ਮੰਨਿਆ ਜਾਂਦਾ ਏ। ਉਨ੍ਹਾਂ ਕਿਹਾ ਕਿ ਡਾ.ਮੁਖਰਜੀ ਦੇ ਇਕ ਦੇਸ਼, ਇਕ ਵਿਧਾਨ, ਇਕ ਝੰਡਾ ਦੇ ਵਿਚਾਰ ਨੂੰ ਕੇਂਦਰ ਸਰਕਾਰ ਨੇ 5 ਅਗਸਤ 2019 ਨੂੰ ਧਾਰਾ 370 ਰੱਦ ਕਰ ਕੇ ਅਮਲੀ ਜਾਮਾ ਪੁਆਇਆ, ਜੋ ਕਿ ਡਾ. ਮੁਖਰਜੀ ਨੂੰ ਸੱਚੀ ਸ਼ਰਧਾਂਜਲੀ ਏ।

---------------------------------------------------------------

ਅੱਜ ਸਵੇਰੇ ਹੁਸ਼ਿਆਰਪੁਰ ਨਜ਼ਦੀਕ ਦਸੂਹਾ ਵਿਚ ਇਕ ਮਿਨੀ ਬੱਸ ਦੇ ਪਲਟ ਜਾਣ ਨਾਲ ਉਸ ਵਿਚ ਸਵਾਰ 6 ਯਾਤਰੀਆਂ ਦੀ ਮੌਤ ਹੋ ਗਈ ਜਦਕਿ ਦਰਜਨ ਤੋਂ ਵੱਧ ਜ਼ਖ਼ਮੀ ਹੋਏ ਨੇ। ਇਨ੍ਹਾਂ ਵਿੱਚੋਂ ਕੁਝ ਜ਼ਖ਼ਮੀਆਂ ਦੀ ਹਾਲਤ ਗੰਭੀਰ ਬਣੀ ਹੋਈ ਏ। ਸੂਤਰਾਂ ਮੁਤਾਬਕ ਸਾਗਰਾਂ ਬੱਸ ਅੱਡੇ ਨੇੜੇ ਚਾਲਕ ਵੱਲੋਂ ਕੰਟਰੋਲ ਗੁਆ ਬੈਠਣ ਕਾਰਨ ਇਹ ਹਾਦਸਾ ਹੋਇਆ ਦੱਸਿਆ ਗਿਆ ਏ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਲੁਧਿਆਣਾ ਵਿਚ

ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਦੇ ਹਾਲ ਵਿਚ ਕਰਵਾਏ ਗਏ 'ਸੰਕਲਪ ਸਨਮਾਨ ਸਮਾਗਮ' ਵਿਚ ਸ਼ਿਰਕਤ ਕਰ ਕੇ ਸਾਲ 2024-25 ਦੀ ਸੰਘ ਲੋਕ ਸੇਵਾ ਕਮਿਸ਼ਨ (ਯੂ.ਪੀ.ਐੱਸ.ਸੀ.) ਦੀ ਪ੍ਰੀਖਿਆ ਪਾਸ ਕਰਨ ਵਾਲੇ ਨੌਜਵਾਨਾਂ ਦਾ ਸਨਮਾਨ ਕੀਤਾ। ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸਾਲ 2024-25 ਵਿਚ 1009 ਨੌਜਵਾਨਾਂ ਨੇ ਯੂ.ਪੀ.ਐੱਸ.ਸੀ. ਦੀ ਪ੍ਰੀਖਿਆ ਪਾਸ ਕੀਤੀ, ਜਿਨ੍ਹਾਂ ਵਿੱਚੋਂ 721 ਸੰਕਲਪ ਨਾਲ ਸਬੰਧਤ ਨੇ। ਉਨ੍ਹਾਂ ਕਿਹਾ ਕਿ ਇਹ ਖੁਸ਼ੀ ਵਾਲੀ ਗੱਲ ਹੈ ਕਿ ਇਨ੍ਹਾਂ 721 ਨੌਜਵਾਨਾਂ ਵਿੱਚੋਂ 18 ਪੰਜਾਬ ਤੋਂ ਨੇ। ਇਸ ਤੋਂ ਪਹਿਲਾਂ ਰਾਜਪਾਲ ਕਟਾਰੀਆ ਨੇ ਭਾਰਤ ਵਿਕਾਸ ਚੈਰੀਟੇਬਲ ਟਰੱਸਟ ਵਿਚ ਡਾਇਲਸਿਸ ਸੈਂਟਰ ਦਾ ਨੀਂਹ-ਪੱਥਰ ਰੱਖਿਆ ਤੇ ਕਾਇਆਕਲਪ ਕੇਂਦਰ ਦਾ ਉਦਘਾਟਨ ਕੀਤਾ।

---------------------------------------------------------

ਭਾਰਤ ਨੇ ਬੀਤੀ ਰਾਤ ਇੰਗਲੈਂਡ ਦੇ ਬਰਮਿੰਘਮ ਵਿਚ ਐਂਡਰਸਨ-ਤੇਂਦੁਲਕਰ ਟਰਾਫੀ ਦੇ ਦੂਜੇ ਕ੍ਰਿਕਟ ਟੈਸਟ ਮੈਚ ਵਿਚ ਮੇਜ਼ਬਾਨ ਇੰਗਲੈਂਡ ਨੂੰ 336 ਦੌੜਾਂ ਨਾਲ ਹਰਾਇਆ। ਇਹ 58 ਸਾਲਾਂ ਦੇ ਵਕਫ਼ੇ ਤੋਂ

ਬਾਅਦ ਇਸ ਮੈਦਾਨ ਵਿਚ ਭਾਰਤ ਦੀ ਪਹਿਲੀ ਟੈਸਟ ਜਿੱਤ ਏ। ਦੋਵਾਂ ਦੇਸ਼ਾਂ ਵਿਚਕਾਰ 5 ਮੈਚਾਂ ਦੀ ਲੜੀ ਹੁਣ 1-1 ਨਾਲ ਬਰਾਬਰ ਏ।

ਆਕਾਸ਼ਦੀਪ, ਇੰਗਲੈਂਡ ਵਿਚ ਇਕ ਮੈਚ ਵਿਚ 10 ਵਿਕਟਾਂ ਲੈਣ ਵਾਲਾ ਦੂਜਾ ਭਾਰਤੀ ਖਿਡਾਰੀ ਬਣ ਗਿਆ ਏ। ਇਸ ਤੋਂ ਪਹਿਲਾਂ ਚੇਤਨ ਸ਼ਰਮਾ ਨੇ ਇਹ ਕਾਰਨਾਮਾ 1986 ਵਿਚ ਕੀਤਾ ਸੀ।

ਕਪਤਾਨ ਸ਼ੁਭਮਨ ਗਿੱਲ ਦੀਆਂ ਪਹਿਲੀ ਪਾਰੀ ਵਿਚ 269 ਦੌੜਾਂ ਤੇ ਦੂਜੀ ਪਾਰੀ ਵਿਚ 161 ਦੌੜਾਂ ਦੀ ਬਦੌਲਤ, ਭਾਰਤ ਮਜ਼ਬੂਤ ਸਥਿਤੀ ਵਿਚ ਰਿਹਾ ਤੇ ਇੰਗਲੈਂਡ ਨੂੰ 608 ਦੌੜਾਂ ਦਾ ਟੀਚਾ ਦਿੱਤਾ। ਦੋਵਾਂ ਟੀਮਾਂ ਵਿਚਕਾਰ ਤੀਜਾ ਮੈਚ 10 ਜੁਲਾਈ ਨੂੰ ਲਾਰਡਜ਼ ਵਿਚ ਖੇਡਿਆ ਜਾਵੇਗਾ।

---------------------------------------------------------

ਪੰਜਾਬ ਵਿਚ ਮੀਂਹ ਪੈਣ ਬਾਰੇ ਅੱਜ ਮੌਸਮ ਵਿਭਾਗ ਨੇ ਆਰੈਂਜ ਅਲਰਟ ਜਾਰੀ ਕੀਤਾ ਏ। ਮੌਸਮ ਵਿਭਾਗ ਦਾ ਅਨੁਮਾਨ ਏ ਕਿ ਇਸ ਸਾਲ

ਮਾਨਸੂਨ ਦੌਰਾਨ ਪੂਰੇ ਪੰਜਾਬ ਵਿਚ ਆਮ ਨਾਲੋਂ ਵੱਧ ਮੀਂਹ ਪੈਣ ਦੇ ਆਸਾਰ ਨੇ। ਇਵੇਂ ਹੀ ਭਲਕੇ ਮੰਗਲਵਾਰ ਨੂੰ ਤਰਨਤਾਰਨ, ਕਪੂਰਥਲਾ, ਜਲੰਧਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ ਤੇ ਫ਼ਤਹਿਗੜ੍ਹ ਸਾਹਿਬ ਵਿਚ ਮੀਂਹ ਪੈਣ ਵਾਲੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ।

------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਕਿਸੇ ਵੀ ਦੇਸ਼ ਨੂੰ ਮਹੱਤਵਪੂਰਨ ਖਣਿਜਾਂ, ਤਕਨਾਲੋਜੀ ਅਤੇ ਸਪਲਾਈ ਲੜੀਆਂ ਨੂੰ ਹਥਿਆਰ ਵਜੋਂ ਨਹੀਂ ਵਰਤਣਾ ਚਾਹੀਦਾ ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ - ਆਪ੍ਰੇਸ਼ਨ ਸਿੰਦੂਰ ਦੌਰਾਨ, ਭਾਰਤ ਦੇ ਸਵਦੇਸ਼ੀ ਉਪਕਰਣਾਂ ਦੀ ਪ੍ਰਦਰਸ਼ਨ ਸਮਰੱਥਾ ਨੇ ਸਵਦੇਸ਼ੀ ਰੱਖਿਆ ਉਤਪਾਦਾਂ ਦੀ ਆਲਮੀ ਮੰਗ ਨੂੰ ਵਧਾਇਆ ਏ ।
- ਉੱਤਰੀ ਰੇਲਵੇ ਨੇ ਮੁਸਾਫ਼ਰਾਂ ਦੀ ਸਹੂਲਤ ਲਈ ਅੰਮ੍ਰਿਤਸਰ-ਦਿੱਲੀ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀ ਦੇ ਡੱਬਿਆਂ ਵਿੱਚ ਵਾਧਾ ਕੀਤਾ ।

- ਭਾਰਤੀ ਫੌਜ ਵਲੋਂ 26ਵੀਂ ਕਾਰਗਿਲ ਵਿਜੇ ਦਿਵਸ ਵਰ੍ਹੇਗੰਢ 'ਤੇ ਕੈਪਟਨ ਵਿਕਰਮ ਬੱਤਰਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।
- ਦਸੂਹਾ ਵਿਚ ਹੋਏ ਸੜਕ ਹਾਦਸੇ ਵਿਚ ਇਕ ਬੱਚੀ ਸਮੇਤ 9 ਮੁਸਾਫ਼ਰਾਂ ਦੀ ਮੌਤ-ਕਈ ਜ਼ਖ਼ਮੀ।
- ਜਲੰਧਰ ਪੁਲਿਸ ਨੇ ਫਿਰੌਤੀ ਮੰਗਣ ਵਾਲੇ 2 ਗੈਂਗਸਟਰਾਂ ਨੂੰ ਮੁਕਾਬਲੇ ਤੋਂ ਬਾਅਦ, ਦੋ ਪਿਸਤੌਲਾਂ, ਗੋਲੀ-ਸਿੱਕੇ ਅਤੇ ਨਸ਼ੀਲੀਆਂ ਗੋਲੀਆਂ ਸਮੇਤ ਕੀਤਾ ਗ੍ਰਿਫ਼ਤਾਰ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !

PM

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕਿਸੇ ਵੀ ਦੇਸ਼ ਨੂੰ ਮਹੱਤਵਪੂਰਨ ਖਣਿਜਾਂ, ਤਕਨਾਲੋਜੀ ਅਤੇ ਸਪਲਾਈ ਲੜੀਆਂ ਦੀ ਆਪਣੇ ਸਵਾਰਥੀ ਹਿੱਤਾਂ ਲਈ ਹਥਿਆਰ ਵਜੋਂ ਵਰਤੋਂ ਨਹੀਂ ਕਰਨੀ ਚਾਹੀਦੀ।

ਰੀਓ ਡੀ ਜਨੇਰੀਓ ਵਿੱਚ ਬ੍ਰਿਕਸ ਸੰਮੇਲਨ ਦੌਰਾਨ ਇੱਕ ਗੱਲਬਾਤ ਸੈਸ਼ਨ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਪਲਾਈ ਲੜੀਆਂ ਨੂੰ ਸੁਰੱਖਿਅਤ ਅਤੇ ਲਚਕੀਲਾ ਬਣਾਉਣ ਲਈ ਮਹੱਤਵਪੂਰਨ ਖਣਿਜਾਂ ਅਤੇ ਤਕਨਾਲੋਜੀ ਖੇਤਰ ਵਿੱਚ ਸਹਿਯੋਗ ਵਧਾਉਣ ਦੀ ਲੋੜ ਏ। ਉਨ੍ਹਾਂ ਕਿਹਾ ਕਿ ਬ੍ਰਿਕਸ ਨਵੇਂ ਵਿਕਾਸ ਬੈਂਕ ਪ੍ਰੋਜੈਕਟਾਂ ਨੂੰ ਮੰਗ-ਅਧਾਰਤ ਫੈਸਲਾ ਲੈਣ,

ਵਿੱਤੀ ਸਥਿਰਤਾ ਅਤੇ ਚੰਗੀ ਕ੍ਰੈਡਿਟ ਰੇਟਿੰਗ ਬਣਾਈ ਰੱਖਣ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਏ ।

ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਲੋਕਾਂ ਦੀ ਤਰੱਕੀ ਅਤੇ ਤੰਦਰੁਸਤੀ, ਜ਼ਿਆਦਾਤਰ ਤਕਨਾਲੋਜੀ, ਖਾਸ ਕਰਕੇ ਆਰਟੀਫੀਸ਼ੀਅਲ ਇੰਟੈਲੀਜੈਂਸ  'ਤੇ ਨਿਰਭਰ ਏ । ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ AI ਨੂੰ ਮਨੁੱਖੀ ਮੁੱਲਾਂ ਅਤੇ ਸੰਭਾਵਨਾਵਾਂ ਨੂੰ ਵਧਾਉਣ ਲਈ ਇੱਕ ਮਾਧਿਅਮ ਵਜੋਂ ਦੇਖਦਾ ਏ । ਉਨ੍ਹਾਂ ਇਹ ਵੀ ਕਿਹਾ ਕਿ 'AI for All' ਦੇ ਮੰਤਰ 'ਤੇ ਕੰਮ ਕਰਦੇ ਹੋਏ, ਭਾਰਤ ਖੇਤੀਬਾੜੀ, ਸਿਹਤ, ਸਿੱਖਿਆ ਅਤੇ ਸ਼ਾਸਨ ਸਮੇਤ ਕਈ ਖੇਤਰਾਂ ਵਿੱਚ AI ਦੀ ਵਿਆਪਕ ਅਤੇ ਸਰਗਰਮੀ ਨਾਲ ਵਰਤੋਂ ਕਰ ਰਿਹਾ ਏ ।

BYTE:RNU070725A

ਪ੍ਰਧਾਨ ਮੰਤਰੀ ਨੇ AI ਨੂੰ ਜ਼ਿੰਮੇਵਾਰੀ ਨਾਲ ਵਰਤਣ ਦੀ ਲੋੜ 'ਤੇ ਜ਼ੋਰ ਦਿੱਤਾ।

NSD

DM

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ  ਕਿ ਹਾਲ ਹੀ ਵਿੱਚ ਹੋਏ ਆਪ੍ਰੇਸ਼ਨ ਸਿੰਦੂਰ ਦੌਰਾਨ, ਭਾਰਤ ਦੇ ਸਵਦੇਸ਼ੀ ਉਪਕਰਣਾਂ ਦੀ ਪ੍ਰਦਰਸ਼ਨ  ਸਮਰੱਥਾ ਨੇ ਸਵਦੇਸ਼ੀ ਰੱਖਿਆ ਉਤਪਾਦਾਂ ਦੀ ਆਲਮੀ ਮੰਗ ਨੂੰ ਵਧਾ ਦਿੱਤਾ ਏ।

ਅੱਜ ਨਵੀਂ ਦਿੱਲੀ ਵਿੱਚ ਕੰਟਰੋਲਰਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਦੇ ਰੱਖਿਆ ਖੇਤਰ ਵਿੱਚ ਅਥਾਹ ਸੰਭਾਵਨਾਵਾਂ ਨੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਭਾਰਤ ਨੇ ਰੱਖਿਆ ਖੇਤਰ ਵਿੱਚ ਕਾਫ਼ੀ ਆਤਮ - ਨਿਰਭਰਤਾ ਪ੍ਰਾਪਤ ਕੀਤੀ ਏ। ਉਨ੍ਹਾਂ ਨੇ ਕਿਹਾ ਕਿ ਵਿਦੇਸ਼ਾਂ ਤੋਂ ਦਰਾਮਦ ਕੀਤੇ ਜਾਣ ਵਾਲੇ ਜ਼ਿਆਦਾਤਰ ਰੱਖਿਆ ਉਪਕਰਣ ਹੁਣ ਸਵਦੇਸ਼ੀ ਤੌਰ 'ਤੇ ਬਣਾਏ ਜਾ ਰਹੇ ਨੇ।

BYTE:RNU070725

NSD

Rajnath-ਵਿਕਰਮ ਬੱਤਰਾ

ਦੇਸ਼, ਕੈਪਟਨ ਵਿਕਰਮ ਬੱਤਰਾ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ , ਜਿਨ੍ਹਾਂ ਨੇ ਸਾਲ 1999 ਵਿੱਚ ਕਾਰਗਿਲ ਯੁੱਧ ਦੌਰਾਨ ਸਰਵਉੱਚ ਕੁਰਬਾਨੀ ਦਿੱਤੀ ਸੀ।

ਕੈਪਟਨ ਵਿਕਰਮ ਬੱਤਰਾ ਦੀ ਕੁਰਬਾਨੀ ਨੂੰ ਯਾਦ ਕਰਦੇ ਹੋਏ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਕਾਰਗਿਲ ਯੁੱਧ ਦੌਰਾਨ ਉਨ੍ਹਾਂ ਦੀ ਬਹਾਦਰੀ ਅਤੇ ਕੁਰਬਾਨੀ ਦੇਸ਼ ਦੀ ਸੇਵਾ ਦੀ ਇੱਕ ਮਹਾਨ ਮਿਸਾਲ ਏ ।

ਕੈਪਟਨ ਵਿਕਰਮ ਬੱਤਰਾ ਨੇ ਸਾਲ 1999 ਵਿੱਚ ਕਾਰਗਿਲ ਯੁੱਧ ਦੌਰਾਨ ਆਪਣੀ ਕੰਪਨੀ ਦੀ ਅਗਵਾਈ ਕੀਤੀ ਅਤੇ ਰਣਨੀਤਕ ਤੌਰ 'ਤੇ ਮਹੱਤਵਪੂਰਨ ਪੁਆਇੰਟ-5140 'ਤੇ ਕਬਜ਼ਾ ਕਰ ਲਿਆ। ਕੈਪਟਨ

ਬੱਤਰਾ ਨੇ ਅਦੁੱਤੀ ਹਿੰਮਤ ਅਤੇ ਬਹਾਦਰੀ ਦਿਖਾਈ ਅਤੇ ਪੁਆਇੰਟ-4875 'ਤੇ ਕਬਜ਼ਾ ਕਰਨ ਦੇ ਲਗਭਗ ਅਸੰਭਵ ਮਿਸ਼ਨ ਨੂੰ ਪੂਰਾ ਕੀਤਾ। ਇਸ ਦੌਰਾਨ, ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਪਰ ਉਨ੍ਹਾਂ ਨੇ ਹਮਲਾ ਜਾਰੀ ਰੱਖਿਆ। ਕੈਪਟਨ ਬੱਤਰਾ ਨੂੰ ਮਰਨ ਉਪਰੰਤ ਪਰਮਵੀਰ ਚੱਕਰ ਨਾਲ ਸਨਮਾਨਿਤ ਕੀਤਾ ਗਿਆ।

ਓਧਰ ਭਾਰਤੀ ਫੌਜ ਨੇ ਚੰਡੀਗੜ੍ਹ ਦੇ ਡੀ.ਏ.ਵੀ ਕਾਲਜ ਵਿਖੇ ਕੈਪਟਨ ਵਿਕਰਮ ਬੱਤਰਾ ਨੂੰ ਸ਼ਰਧਾਂਜਲੀ ਭੇਟ ਕੀਤੀ।

ਇਸ ਮੌਕੇ ਕੈਪਟਨ ਬੱਤਰਾ ਦੇ ਪਿਤਾ ਗਿਰਧਾਰੀ ਲਾਲ ਬੱਤਰਾ ਅਤੇ ਭਰਾ ਵਿਸ਼ਾਲ ਬੱਤਰਾ ਨੂੰ ਫੌਜ ਦੇ ਅਧਿਕਾਰੀਆਂ ਵੱਲੋਂ ਇੱਕ ਯਾਦਗਾਰੀ ਚਿੰਨ੍ਹ ਅਤੇ ਧੰਨਵਾਦ ਪੱਤਰ ਭੇਟ ਕੀਤਾ ਗਿਆ।

ਜੀ.ਐਲ. ਬੱਤਰਾ ਨੇ ਕਿਹਾ ਕਿ ਕੈਪਟਨ ਵਿਕਰਮ ਬੱਤਰਾ ਦੀ ਕੁਰਬਾਨੀ ਅਤੇ ਬਹਾਦਰੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ, ਅਤੇ ਉਨ੍ਹਾਂ ਦੀ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ।

ਐਨ.ਸੀ.ਸੀ ਚੰਡੀਗੜ੍ਹ ਦੇ ਗਰੁੱਪ ਕਮਾਂਡਰ, ਬ੍ਰਿਗੇਡੀਅਰ ਵੀ.ਐਸ ਚੌਹਾਨ ਨੇ ਕੈਡਿਟਾਂ ਨੂੰ ਕੈਪਟਨ ਬੱਤਰਾ ਦੇ ਸਾਹਸੀ ਜੀਵਨ ਤੋਂ ਪ੍ਰੇਰਨਾ ਲੈਣ ਲਈ ਉਤਸਾਹਿਤ ਕੀਤਾ।

ਪ੍ਰੋਗਰਾਮ ਦੌਰਾਨ, ਕੈਪਟਨ ਵਿਕਰਮ ਬੱਤਰਾ ਦੇ ਜੀਵਨ ਅਤੇ ਕੁਰਬਾਨੀ 'ਤੇ ਇੱਕ ਫਿਲਮ ਦਿਖਾਈ ਗਈ ।

PN

Sanjay Verma

ਫਾਜ਼ਿਲਕਾ ਜ਼ਿਲੇ ਦੇ ਅਬੋਹਰ ਸ਼ਹਿਰ 'ਚ ਅੱਜ ਕੁਝ ਅਣਪਛਾਤੇ ਕਾਰ ਸਵਾਰ ਬਦਮਾਸ਼ਾਂ ਨੇ ਕਪੜਾ ਵਪਾਰੀ ਅਤੇ ਡ੍ਰੈਸ ਡਿਜਾਇਨਰ ਸੰਜੇ ਵਰਮਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ।

ਜ਼ਿਲ੍ਹਾ ਪੁਲਿਸ ਮੁਖੀ ਗੁਰਮੀਤ ਸਿੰਘ ਮੌਕੇ 'ਤੇ ਪਹੁੰਚੇ ਅਤੇ ਘਟਨਾ ਦੀ ਜਾਂਚ ਕੀਤੀ । ਉਨ੍ਹਾਂ ਨੇ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ ਹਮਲਾਵਰਾਂ ਦੀ ਜਲਦ ਪਛਾਣ ਕਰਕੇ ਉਨ੍ਹਾਂ ਨੂੰ ਗਿਰਫ਼ਤਾਰ ਕੀਤਾ ਜਾਵੇਗਾ। ਉਨ੍ਹਾਂ ਦਸਿਆ ਕਿ ਪੁਲਿਸ ਵੱਲੋਂ ਸੀਸੀਟੀਵੀ ਫੁਟੇਜ ਦੀ ਮਦਦ ਨਾਲ ਜਾਂਚ ਚਲ ਰਹੀ ਏ।

ਓਧਰ ਅਬੋਹਰ ਵਿੱਚ ਇਸ ਘਟਨਾ 'ਤੇ ਸੰਜੇ ਵਰਮਾ ਦੇ ਪਰਿਵਾਰ ਦੇ ਨਾਲ ਸੰਵੇਦਨਾ ਜਤਾਉਂਦਿਆਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨੇ, ਸੂਬੇ ਵਿੱਚ ਵਧ ਰਹੇ ਅਪਰਾਧ 'ਤੇ ਆਪਣੀਆਂ ਪ੍ਰਤਿਕਰਮ ਦਿੰਦੇ ਕਿਹਾ ਕਿ ਕਾਨੂੰਨ ਵਿਵਸਥਾ ਵਿਗੜ ਗਈ ਏ।

ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਇਸ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਏ।

ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਬੀਤੇ ਦਿਨੀ ਮੋਗਾ ਦੇ ਇੱਕ ਡਾਕਟਰ ਤੇ ਹੋਇਆ ਕਾਤਲਾਨਾ ਹਮਲਾ ਅਤੇ ਅੱਜ ਅਬੋਹਰ ਵਿੱਚ ਸੰਜੇ ਵਰਮਾ ਦੀ ਮੌਤ ਵਿਚ  ਇੱਕ ਅਪਰਾਧਕ ਗੈਂਗ ਦੀ ਸ਼ਮੂਲੀਅਤ ਦਾ ਖਦਸ਼ਾ ਏ, ਉਹਨਾਂ ਚਿੰਤਾ ਜਾਹਿਰ ਕਰਦਿਆਂ ਪੰਜਾਬ ਪੁਲਿਸ ਦੀ ਕਾਰਗੁਜਾਰੀ ਤੇ ਸਵਾਲੀਆ ਨਿਸ਼ਾਨ ਲਗਾਇਆ ਏ

ਸੀਨੀਅਰ ਕਾਂਗਰਸੀ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਇਹਨਾਂ ਵੱਧ ਰਹੇ ਅਪਰਾਧਾਂ ਤੇ ਚਿੰਤਾ ਜਤਾਉਂਦਿਆਂ ਪੰਜਾਬ ਦੇ ਆਉਂਦੇ ਵਿਧਾਨ ਸਭਾ ਇਜਲਾਸ ਵਿੱਚ ਇੱਕ ਵਾਰ ਫਿਰ ਤੋਂ ਜਨਤਾ ਦੀ ਸੁਰੱਖਿਆ ਦੇ ਮੁੱਦੇ ਤੇ ਗੰਭੀਰ ਚਰਚਾ ਕਰਨ ਲਈ ਕਿਹਾ ਏ ।

ਉਧਰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸੁਖਬੀਰ ਸਿੰਘ ਬਾਦਲ ਨੇ  ਇਸ ਦਿਨ ਦਿਹਾੜੇ ਹੋਏ ਕਤਲ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਇਸ ਦੇ  ਸਾਜਿਸ਼ਕਾਰਾਂ ਨੂੰ ਜਲਦ ਗਿਰਫਤਾਰ ਕੀਤਾ ਜਾਵੇ।

Jailesh

ਅਮਰਨਾਥ ਯਾਤਰਾ

ਅੱਜ ਸ਼੍ਰੀ ਅਮਰਨਾਥ ਜੀ ਯਾਤਰਾ ਦਾ 5ਵਾਂ ਦਿਨ ਏ । ਇਹ ਯਾਤਰਾ ਇਸ ਮਹੀਨੇ ਦੀ 3 ਤਰੀਕ ਨੂੰ ਸ਼ੁਰੂ ਹੋਈ ਸੀ। ਵੇਰਵੇ ਨਾਲ ਇਕ ਰਿਪੋਰਟ :RNU070725

ਸ਼੍ਰੀ ਅਮਰਨਾਥ ਯਾਤਰਾ ਨੂੰ ਲੈ ਕੇ ਪੂਰੇ ਜੰਮੂ-ਕਸ਼ਮੀਰ ਵਿੱਚ ਜਸ਼ਨ ਅਤੇ ਉਤਸ਼ਾਹ ਦੇ ਮਾਹੌਲ ਵਿਚਕਾਰ, ਕੱਲ੍ਹ ਸ਼ਾਮ ਤੱਕ, ਲਗਭਗ 70 ਹਜ਼ਾਰ ਸ਼ਰਧਾਲੂਆਂ ਨੇ ਪਵਿੱਤਰ ਗੁਫਾ ਵਿੱਚ ਪੂਜਾ ਕੀਤੀ। ਹਜ਼ਾਰਾਂ ਸ਼ਰਧਾਲੂ ਬਾਲਟਾਲ ਅਤੇ ਪਹਿਲਗਾਮ ਬੇਸ ਕੈਂਪਾਂ ਦੇ ਦੋਹਰੇ ਰਸਤਿਆਂ ਰਾਹੀਂ ਪਵਿੱਤਰ ਗੁਫਾ ਵੱਲ ਜਾ ਰਹੇ ਹਨ। ਦੁਪਹਿਰ 12:00 ਵਜੇ ਤੱਕ, 13 ਹਜ਼ਾਰ 300 ਤੋਂ ਵੱਧ ਸ਼ਰਧਾਲੂਆਂ ਨੇ ਪਵਿੱਤਰ ਗੁਫਾ ਦੇ ਦਰਸ਼ਨ ਕੀਤੇ। ਅੱਜ ਪਹਿਲਾਂ, 373 ਵਾਹਨਾਂ ਵਿੱਚ ਔਰਤਾਂ, ਬੱਚੇ, ਸਾਧੂ,

ਸਾਧਵੀਆਂ ਸਮੇਤ 8600 ਤੋਂ ਵੱਧ ਸ਼ਰਧਾਲੂਆਂ ਦਾ ਛੇਵਾਂ ਜਥਾ ਜੰਮੂ ਦੇ ਭਗਵਤੀ ਨਗਰ ਬੇਸ ਕੈਂਪ ਤੋਂ ਦੋ ਵੱਖ-ਵੱਖ ਕਾਫਲਿਆਂ ਵਿੱਚ ਰਵਾਨਾ ਹੋਇਆ।

ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

NSD

Accident

ਹੁਸ਼ਿਆਰਪੁਰ ਨਜ਼ਦੀਕ ਦਸੂਹਾ ਵਿਚ ਅੱਜ ਸਵੇਰੇ ਇਕ ਮਿਨੀ ਬੱਸ ਦੇ ਪਲਟਨ ਕਾਰਨ ਵਾਪਰੇ ਸੜਕ ਹਾਦਸੇ ਵਿਚ ਇਕ ਬੱਚੀ ਸਮੇਤ 9 ਮੁਸਾਫ਼ਰਾਂ  ਦੀ ਮੌਤ ਹੋ ਗਈ ਜਦਕਿ ਦਰਜਨ ਤੋਂ ਵੱਧ ਜ਼ਖ਼ਮੀ ਹੋਏ ਨੇ। ਇਨ੍ਹਾਂ ਵਿੱਚੋਂ ਕੁਝ ਜ਼ਖ਼ਮੀਆਂ ਦੀ ਹਾਲਤ ਗੰਭੀਰ ਬਣੀ ਹੋਈ ਏ।

ਸੂਤਰਾਂ ਮੁਤਾਬਕ ਸਾਗਰਾਂ ਬੱਸ ਅੱਡੇ ਨੇੜੇ ਚਾਲਕ ਵੱਲੋਂ ਸੰਤੁਲਨ ਗੁਆਉਣ ਕਾਰਨ ਇਹ ਹਾਦਸਾ ਹੋਇਆ ਦੱਸਿਆ ਗਿਆ ਏ।

PTC-sanjiv bakshi

Jodamajra

ਸਮਾਣਾ ਹਲਕਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਅਨੁਸੂਚਿਤ ਜਾਤੀ ਭਾਈਚਾਰੇ ਦੇ 86 ਲਾਭਪਾਤਰੀਆਂ ਨੂੰ 1 ਕਰੋੜ 36 ਲਖ ਰੁਪਏ ਦੀ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਪ੍ਰਦਾਨ ਕੀਤੇ ਨੇ ।

ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਅੰਦਰ 400 ਲਾਭਪਾਤਰੀਆਂ ਨੂੰ 4 ਕਰੋੜ 83 ਲੱਖ ਰੁਪਏ ਦੀ ਕਰਜ਼ਾ ਮੁਆਫ਼ੀ ਦਾ ਲਾਭ ਮਿਲਿਆ ਏ ।

ਉਨ੍ਹਾਂ ਦਸਿਆ ਕਿ ਸੰਬੰਧਤ ਪਰਿਵਾਰਾਂ ਵੱਲੋ ਪੰਜਾਬ ਅਨੁਸੂਚਿਤ ਜਾਤੀਆਂ ਭੋਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਤੋਂ ਲਏ ਗਏ ਕਰਜ਼ਿਆਂ ਨੂੰ ਮਾਫ ਕਰਕੇ ਇਕ ਵੱਡੀ ਰਾਹਤ ਪ੍ਰਦਾਨ ਕੀਤੀ ਏ । ਉਨ੍ਹਾਂ ਨੇ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਵੰਡਦਿਆਂ ਕਿਹਾ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਲੋੜਵੰਦ ਲੋਕਾਂ ਦੀ

ਮਦਦ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਭਾਈਚਾਰੇ ਵੱਲੋਂ ਲੰਬੇ ਸਮੇਂ ਤੋਂ ਇਹ ਮੰਗ ਕੀਤੀ ਜਾ ਰਹੀ ਸੀ ਕਿ ਉਨ੍ਹਾਂ ਦੇ ਕਰਜ਼ੇ ਮਾਫ ਕੀਤੇ ਜਾਣ, ਕਿਉਂਕਿ ਹੜ੍ਹਾਂ, ਬਿਮਾਰੀਆਂ ਅਤੇ ਆਰਥਿਕ ਕਮਜ਼ੋਰੀ ਕਾਰਨ ਬਹੁਤ ਸਾਰੇ ਪਰਿਵਾਰ ਉਕਤ ਕਰਜ਼ੇ ਅਦਾ ਕਰਨ ਵਿੱਚ ਅਸਮਰੱਥ ਸਨ।

ਉਨ੍ਹਾਂ ਕਿਹਾ ਕਿ ਕਾਰਪੋਰੇਸ਼ਨ ਵੱਲੋਂ ਵੱਖ-ਵੱਖ ਸਕੀਮਾਂ ਹੇਠ ਇਹ ਕਰਜ਼ੇ ਘੱਟ ਵਿਆਜ ਦਰਾਂ ’ਤੇ ਦਿੱਤੇ ਜਾਂਦੇ ਹਨ, ਜਿਸ ਨਾਲ ਗਰੀਬ ਪਰਿਵਾਰਾਂ ਨੂੰ ਵਪਾਰ, ਰੋਜ਼ਗਾਰ ਅਤੇ ਸਵੈਰੋਜ਼ਗਾਰ ਸਥਾਪਿਤ ਕਰਨ ਵਿੱਚ ਮਦਦ ਮਿਲਦੀ ਏ।

PN

Arrest

ਜਲੰਧਰ ਦਿਹਾਤੀ ਪੁਲਿਸ ਨੇ ਫਿਰੌਤੀ ਮੰਗਣ ਵਾਲੇ ਦੋ ਖਤਰਨਾਕ ਗੈਂਗਸਟਰਾਂ ਨੂੰ ਪੁਲਿਸ ਮੁਕਾਬਲੇ ਦੌਰਾਨ ਗ੍ਰਿਫ਼ਤਾਰ ਕਰਕੇ, ਉਨ੍ਹਾਂ ਪਾਸੋਂ

ਭਾਰੀ ਮਾਤਰਾ ਵਿੱਚ ਨਸ਼ੀਲੀਆਂ ਗੋਲੀਆਂ, 2 ਨਾਜਾਇਜ਼ ਪਿਸਤੌਲ ਅਤੇ ਗੋਲੀ ਸਿੱਕਾ ਬਰਾਮਦ ਕੀਤਾ ਗਿਆ ਏ।

ਸੀਨੀਅਰ ਪੁਲਿਸ ਕਪਤਾਨ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਪੁਲਿਸ ਨੇ ਵੱਖ ਵੱਖ ਪਿੰਡਾਂ ਵਿਚ ਦੋ ਸ਼ੱਕੀ ਨੌਜਵਾਨਾਂ ਬਾਰੇ ਸੂਚਨਾ ਮਿਲਣ ’ਤੇ ਕਾਰਵਾਈ ਕਰਦਿਆਂ ਪਿੰਡ ਕੋਟਲੀ ਗਾਜਰਾਂ ਨੇੜੇ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਭੱਜਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ , ਪੁਲਿਸ ’ਤੇ ਗੋਲੀਆਂ ਚਲਾ ਦਿੱਤੀਆਂ। ਪੁਲਿਸ ਵਲੋਂ ਆਪਣੇ ਬਚਾਅ ਵਿੱਚ ਸ਼ੱਕੀ ਨੌਜਵਾਨਾਂ ਨੂੰ ਕਾਬੂ ਕਰਨ ਲਈ ਜਵਾਬੀ ਕਾਰਵਾਈ ਕਰਦਿਆਂ ਫਾਇਰ ਕੀਤੇ ਗਏ ਅਤੇ ਮੌਕੇ ਤੋਂ ਇਨ੍ਹਾਂ ਪਾਸੋਂ ਦੋ ਦੇਸੀ ਪਿਸਤੌਲ 32 ਬੋਰ ਸਮੇਤ 5 ਰੌਂਦ ਤੇ 110 ਨਸ਼ੀਲੀਆਂ ਗੋਲੀਆਂ ਅਤੇ ਇਕ ਮੋਟਰਸਾਈਕਲ ਬਰਾਮਦ ਹੋਇਆ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਖੰਨਾ ਵਾਸੀ ਲਖਵਿੰਦਰ ਸਿੰਘ ਉਰਫ਼ ਖੰਨਾ ਵਾਸੀ ਅਤੇ ਪਿੰਡ ਕੰਦੋਲਾ ਕਲਾਂ ਦੇ ਅਜੇ ਕੁਮਾਰ ਉਰਫ਼ ਅਜੇ ਬਾਬਾ ਵਜੋਂ ਹੋਈ ਏ ।

ਐਸ.ਐਸ.ਪੀ. ਨੇ ਦੱਸਿਆ ਕਿ ਮੁੱਢਲੀ ਪੁਛਗਿੱਛ ਦੌਰਾਨ ਸਾਹਮਣੇ ਆਇਆ ਕਿ ਇਹ ਦੋਵੇਂ ਨਸ਼ੇ, ਹਥਿਆਰਾਂ ਦੀ ਤਸਕਰੀ ਅਤੇ ਫਿਰੌਤੀ ਮੰਗਣ ਵਾਲੇ ਗਿਰੋਹ ਦੇ ਮੈਂਬਰ ਨੇ । ਇਸ ਗਿਰੋਹ ਦੇ ਮੁੱਖ ਸਰਗਨਾ ਅਮਰੀਕਾ ਅਤੇ ਇੰਗਲੈਂਡ ਵਿੱਚ ਬੈਠ ਕੇ ਗੈਂਗ ਮੁੱਖੀਆਂ ਦੇ ਨਾਂ ’ਤੇ ਲੋਹੀਆ ਇਲਾਕੇ ਵਿੱਚ ਵੱਖ-ਵੱਖ ਕਾਰੋਬਾਰੀਆਂ ਨੂੰ ਡਰਾ ਧਮਕਾ ਕੇ ਮੋਟੀਆ ਫਿਰੌਤੀਆਂ ਮੰਗਦੇ ਅਤੇ ਵੱਡੀ ਤਾਦਾਦ ਵਿੱਚ ਨਸ਼ੇ ਦਾ ਧੰਦਾ ਕਰਦੇ ਹਨ ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਖਿਲਾਫ਼ ਵੱਖ-ਵੱਖ ਥਾਣਿਆਂ ਵਿੱਚ ਫਿਰੌਤੀਆਂ ਮੰਗਣ ਅਤੇ ਇਰਾਦਾ ਕਤਲ ਦੇ ਮੁਕੱਦਮੇ ਪਹਿਲਾਂ ਹੀ ਦਰਜ ਨੇ, ਜਿਨ੍ਹਾਂ ਵਿੱਚੋਂ ਫਰਾਰ ਚੱਲੇ ਆ ਰਹੇ ਸਨ।

PN

Rail

ਉੱਤਰੀ ਰੇਲਵੇ ਨੇ ਮੁਸਾਫ਼ਰਾਂ ਦੀ ਸਹੂਲਤ ਅਤੇ ਵਧਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ, ਵੰਦੇ ਭਾਰਤ ਐਕਸਪ੍ਰੈਸ ਅੰਮ੍ਰਿਤਸਰ-ਦਿੱਲੀ-ਅੰਮ੍ਰਿਤਸਰ ਦੇ ਡੱਬਿਆਂ ਦੀ ਗਿਣਤੀ ਨੂੰ ਸਥਾਈ ਤੌਰ 'ਤੇ ਵਧਾ ਦਿੱਤਾ ਏ । ਇਹ ਰੇਲਗੱਡੀ ਹੁਣ 8 ਡੱਬਿਆਂ ਦੀ ਬਜਾਏ 16 ਡੱਬਿਆਂ ਦੇ ਰੈਕ ਨਾਲ ਚਲਾਈ ਜਾਵੇਗੀ, ਤਾਂ ਜੋ ਹੁਣ ਹੋਰ ਮੁਸਾਫ਼ਰਾਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਰੇਲ ਯਾਤਰਾ ਪ੍ਰਦਾਨ ਕੀਤੀ ਜਾ ਸਕੇ।

ਇਹ ਤਬਦੀਲੀ 10 ਜੁਲਾਈ ਤੋਂ ਦਿੱਲੀ ਤੋਂ ਅਤੇ 12 ਜੁਲਾਈ ਤੋਂ ਅੰਮ੍ਰਿਤਸਰ ਤੋਂ ਲਾਗੂ ਹੋਵੇਗੀ। ਇਸ ਤਬਦੀਲੀ ਨਾਲ, ਅੰਮ੍ਰਿਤਸਰ, ਬਿਆਸ, ਜਲੰਧਰ, ਲੁਧਿਆਣਾ, ਅੰਬਾਲਾ ਅਤੇ ਦਿੱਲੀ ਖੇਤਰ ਦੇ ਹੋਰ ਯਾਤਰੀ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਵੰਦੇ ਭਾਰਤ ਰੇਲਗੱਡੀ ਦੀ ਸਹੂਲਤ ਪ੍ਰਾਪਤ ਕਰ ਸਕਣਗੇ।

PN

Road Show

ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ.ਮੋਹਨ ਯਾਦਵ ਦੀ ਅਗਵਾਈ ਹੇਠ ਬੰਗਲੁਰੂ ਅਤੇ ਸੂਰਤ ਵਿੱਚ ਸਫਲ ਰੋਡ ਸ਼ੋਅ ਤੋਂ ਬਾਅਦ ਮੱਧ ਪ੍ਰਦੇਸ਼ ਦੇ ਨਿਵੇਸ਼ ਸੰਵਾਦ ਦੇ ਤੀਜੇ ਐਪੀਸੋਡ ਵਜੋਂ ਲੁਧਿਆਣਾ ਵਿੱਚ ਇੱਕ ਰੋਡ ਸ਼ੋਅ ਆਯੋਜਿਤ ਕੀਤਾ ਗਿਆ।

ਦੇਸ਼ ਦੇ ਪ੍ਰਮੁੱਖ ਉਦਯੋਗਿਕ ਸ਼ਹਿਰਾਂ ਵਿੱਚੋਂ ਇੱਕ, ਲੁਧਿਆਣਾ ਵਿੱਚ ਇਹ ਸਮਾਗਮ ਕਪੜਾ ਉਦਯੋਗ , ਨਿਰਮਾਣ, ਖੁਰਾਕ ਪ੍ਰੋਸੈਸਿੰਗ ਅਤੇ ਆਈ.ਟੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਨਿਵੇਸ਼ ਭਾਈਵਾਲੀ ਦੇ ਮਾਮਲੇ ਵਿੱਚ ਮਹੱਤਵਪੂਰਨ ਮੰਨਿਆ ਜਾਂਦਾ ਏ।

ਲੁਧਿਆਣਾ ਵਿੱਚ ਇਹ ਰੋਡ ਸ਼ੋਅ ਮੱਧ ਪ੍ਰਦੇਸ਼ ਦੀ ਉਦਯੋਗਿਕ ਸਮਰੱਥਾਵਾਂ, ਨੀਤੀ ਸਥਿਰਤਾ ਅਤੇ ਨਿਵੇਸ਼-ਅਨੁਕੂਲ ਵਾਤਾਵਰਣ ਨੂੰ ਦੇਸ਼ ਦੇ ਪ੍ਰਮੁੱਖ ਉਦਯੋਗ ਸਮੂਹਾਂ ਨੂੰ ਪੇਸ਼ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਬਣੇਗਾ ।

ਡਾ. ਯਾਦਵ ਨੇ ਲੁਧਿਆਣਾ ਵਿੱਚ ਸਥਿਤ ਵਰਧਮਾਨ ਟੈਕਸਟਾਈਲ ਅਤੇ ਦੀਪਕ ਫਾਸਟਨਰ ਵਰਗੇ ਪ੍ਰਮੁੱਖ ਉਦਯੋਗਿਕ ਅਦਾਰਿਆਂ ਦਾ ਦੌਰਾ ਕੀਤਾ ।

ਮੁੱਖ ਮੰਤਰੀ ਨੇ ਲੁਧਿਆਣਾ ਦੇ ਪ੍ਰਮੁੱਖ ਉੱਦਮੀਆਂ ਅਤੇ ਉਦਯੋਗਿਕ ਸਮੂਹਾਂ ਦੇ ਅਹੁਦੇਦਾਰਾਂ ਨਾਲ ਨਿੱਜੀ ਮੀਟਿੰਗਾਂ ਵਿੱਚ ਵੀ ਹਿੱਸਾ ਲਿਆ ਇਨ੍ਹਾਂ ਗੱਲਬਾਤਾਂ ਵਿੱਚ, ਉਦਯੋਗ ਨੁਮਾਇੰਦਿਆਂ ਤੋਂ ਸੰਭਾਵੀ ਨਿਵੇਸ਼ ਪ੍ਰਸਤਾਵਾਂ, ਭਾਈਵਾਲੀ ਦੇ ਖੇਤਰਾਂ ਅਤੇ ਜ਼ਰੂਰੀ ਸਰਕਾਰੀ ਸਹਾਇਤਾ ਵਰਗੇ ਵਿਸ਼ਿਆਂ 'ਤੇ ਚਰਚਾ ਹੋਈ। ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਵਿਹਾਰਕ ਅਤੇ ਨਤੀਜਾ-ਮੁਖੀ ਗੱਲਬਾਤ ਰਾਹੀਂ ਲੰਬੇ ਸਮੇਂ ਦੇ ਉਦਯੋਗਿਕ ਸਹਿਯੋਗ ਨੂੰ ਮਜ਼ਬੂਤ ਕਰਨਾ ਏ ।

PTC-Meenu

Checking

ਸਮਾਣਾ ਦੇ ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠਲੀ ਵਿਸ਼ੇਸ਼ ਟੀਮ ਨੇ ਅੱਜ ਪ੍ਰਾਈਵੇਟ ਸਕੂਲਾਂ ਦੇ ਵਾਹਨਾਂ ਦੀ ਚੈਕਿੰਗ ਕੀਤੀ। ਇਸ ਦੌਰਾਨ ਸੁਰੱਖਿਅਤ ਸਕੂਲ ਵਾਹਨ ਨੀਤੀ ਤਹਿਤ ਸਾਹਮਣੇ ਆਈਆਂ ਖਾਮੀਆਂ ਕਰਕੇ 22 ਚਲਾਨ ਕੱਟੇ ਗਏ।

ਜਿਕਰਯੋਗ ਏ ਕਿ ਬੀਤੇ ਸਮੇਂ ਸਮਾਣਾ ਸੜਕ ਉਤੇ ਹੋਏ ਸੜਕ ਹਾਦਸੇ ਦਾ ਗੰਭੀਰ ਨੋਟਿਸ ਲੈਂਦਿਆਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਸੁਰੱਖਿਅਤ ਸਕੂਲ ਵਾਹਨ ਨੀਤੀ ਮੁਤਾਬਿਕ ਸਮਾਣਾ ਦੇ ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਟੀਮ ਗਠਿਤ ਕੀਤੀ ਗਈ ਸੀ।

ਰਿਚਾ ਗੋਇਲ ਨੇ ਦੱਸਿਆ ਕਿ ਜੂਨ, ਮਹੀਨੇ ਵਿੱਚ ਸਾਰੇ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਇਨਚਾਰਜਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਸਨ, ਜਿਸ ਵਿੱਚ ਸਾਰੇ ਸਕੂਲਾਂ ਨੂੰ ਹਦਾਇਤ ਕੀਤੀ ਗਈ ਕਿ ਸਕੂਲਾਂ ਲਈ ਵਰਤੀ ਜਾ ਰਹੀ ਸਕੂਲ ਅਤੇ ਪ੍ਰਾਈਵੇਟ ਟਰਾਂਸਪੋਰਟ ਦਾ ਡਾਟਾ ਭੇਜਿਆ ਜਾਵੇ ਤਾਂ ਜੋ ਉਹਨਾਂ ਦੇ ਕਾਗਜਾਤ ਚੈਕ ਕੀਤੇ ਜਾ ਸਕਣ।

ਉਹਨਾਂ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਖਾਮੀਆਂ ਤੁਰੰਤ ਪੂਰੀਆਂ ਕੀਤੀਆਂ ਜਾਣ ਅਤੇ ਇਸ ਸਬੰਧੀ ਬੱਚਿਆਂ ਦੇ ਮਾਪਿਆਂ ਨਾਲ ਵੀ ਰਾਬਤਾ ਕੀਤਾ ਜਾਵੇ ਅਤੇ ਉਨਾਂ ਨੂੰ ਵੀ ਜਾਰੀ ਹਦਾਇਤਾਂ ਸਬੰਧੀ ਜਾਣੂ ਕਰਵਾਇਆ ਜਾਵੇ।

PTC-Rao

PRTC

ਪੰਜਾਬ ਰੋਡਵੇਜ਼ ਪਨਬਸ,ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਜਥੇਬੰਦੀ ਵਲੋਂ ਅੱਜ ਵੱਲੋ ਪੰਜਾਬ ਦੇ ਸਮੂਹ ਡਿੱਪੂਆਂ ਤੇ ਗੇਟ ਰੈਲੀਆਂ ਕੀਤੀਆਂ ਗਈਆਂ ।

ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਦਸਿਆ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਸਮੇਤ ਹੋਰਨਾਂ ਮੰਗਾਂ ਨੂੰ ਲੈਕੇ ਇਹ ਰੈਲੀਆਂ ਕੀਤੀਆਂ ਗਈਆਂ ਨੇ ।

ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੰਗਾ ਦਾ ਹੱਲ ਨਾ ਕੀਤਾ ਤਾਂ 9,10,ਤੇ 11 ਜੁਲਾਈ ਨੂੰ ਜਥੇਬੰਦੀ ਵਲੋਂ ਪੂਰਨ ਤੌਰ 'ਤੇ ਚੱਕਾ ਜਾਮ ਕਰਕੇ ਸਰਕਾਰ ਖਿਲਾਫ ਰੋਸ ਧਰਨਾ ਦਿੱਤਾ ਜਾਵੇਗਾ ।

PTC-Girdhar

----------------------------------

Brazil Bricks

ਬ੍ਰਾਜ਼ੀਲ ਦੇ ਰੀਓ ਡਿ ਜਨੇਰੀਓ ਵਿਚ ਬ੍ਰਿਕਸ ਸਿਖਰ ਸੰਮੇਲਨ ਦੇ ਐਲਾਨਨਾਮੇ ਵਿਚ 22 ਅ੍ਰਪੈਲ ਦੇ ਪਹਿਲਗਾਮ ਅੱਤਵਾਦੀ ਹਮਲੇ ਦੀ ਸਖ਼ਤ ਨਿਖੇਧੀ ਕੀਤੀ ਗਈ ਏ, ਇਸ ਹਮਲੇ ਵਿਚ 26 ਵਿਅਕਤੀ ਮਾਰੇ ਗਏ ਸਨ। ਬ੍ਰਿਕਸ ਨੇਤਾਵਾਂ ਨੇ ਸਰਹੱਦ ਪਾਰੋਂ ਅੱਤਵਾਦ, ਇਸ ਨੂੰ ਸਰਪ੍ਰਸਤੀ ਦੇਣ ਤੇ ਅੱਤਵਾਦੀ ਸਰਗਰਮੀਆਂ ਲਈ ਵਿੱਤ ਪੋਸ਼ਣ ਸਮੇਤ ਹਰ ਕਿਸਮ ਦੇ ਅੱਤਵਾਦ ਨਾਲ ਨਜਿੱਠਣ ਦੀ ਵਚਨਬੱਧਤਾ ਦੁਹਰਾਈ। ਐਲਾਨਨਾਮੇ ਵਿਚ ਅੱਤਵਾਦ ਨੂੰ ਕਤਈ ਬਰਦਾਸ਼ਤ ਨਾ ਕਰਨ ਦੀ ਨੀਤੀ ਯਕੀਨੀ ਬਣਾਉਣ ਅਤੇ ਇਸ ਨਾਲ ਸਿੱਝਣ ਦੇ ਦੋਹਰੇ ਮਾਪਦੰਡਾਂ ਨੂੰ ਖ਼ਾਰਜ ਕਰਨ ਦੀ ਅਪੀਲ ਕੀਤੀ ਗਈ ਏ।

-- NSD

Vidhan Sabha session

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਵਿਧਾਨ ਸਭਾ ਦਾ ਇਜਲਾਸ 10 ਜੁਲਾਈ ਨੂੰ ਸਵੇਰੇ 11.00 ਵਜੇ ਪੰਜਾਬ ਵਿਧਾਨ ਸਭਾ ਹਾਲ, ਵਿਧਾਨ ਭਵਨ ਚੰਡੀਗੜ੍ਹ ਵਿਖੇ ਸੱਦ ਲਿਆ ਏ। ਇਸ ਤੋਂ ਪਹਿਲਾਂ 5 ਮਈ ਨੂੰ ਅਣਮਿੱਥੇ ਸਮੇਂ ਲਈ ਵਿਧਾਨ ਸਭਾ ਦਾ ਇਜਲਾਸ ਮੁਲਤਵੀ ਕਰ ਦਿੱਤਾ ਗਿਆ ਸੀ।

-

- PN

Governor- Mukherji

ਪੰਜਾਬ ਦੇ ਰਾਜਪਾਲ ਤੇ ਕੇਂਦਰ ਸ਼ਾਸਤ ਸੂਬੇ ਚੰਡੀਗੜ੍ਹ ਦੇ ਪ੍ਰਸ਼ਾਸਕ

ਗੁਲਾਬ ਚੰਦ ਕਟਾਰੀਆ ਨੇ ਕੱਲ੍ਹ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਨਮ ਵਰ੍ਹੇਗੰਢ ਮਨਾਉਣ ਲਈ ਕਰਵਾਏ ਸੂਬਾ ਪੱਧਰੀ ਪ੍ਰੋਗਰਾਮ ਵਿਚ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਰਾਜਪਾਲ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਪੱਕੇ ਰਾਸ਼ਟਰਵਾਦੀ, ਦੂਰਅੰਦੇਸ਼ ਨੇਤਾ, ਵਿਚਾਰਸ਼ੀਲ ਸਿੱਖਿਆ ਸ਼ਾਸਤਰੀ ਸਨ, ਜਿਨ੍ਹਾਂ ਦਾ ਜੀਵਨ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਏ। ਰਾਜਪਾਲ ਨੇ ਕਿਹਾ ਕਿ ਡਾ. ਮੁਖਰਜੀ ਆਜ਼ਾਦ ਭਾਰਤ ਦੇ ਪਹਿਲੇ ਉਦਯੋਗ ਮੰਤਰੀ ਬਣੇ ਅਤੇ ਉਨ੍ਹਾਂ ਵੱਲੋਂ 1948 ਵਿਚ ਪੇਸ਼ ਕੀਤੀ ਗਈ ਸਨਅਤੀ ਨੀਤੀ ਨੂੰ ਹਾਲੇ ਵੀ ਦੇਸ਼ ਦੇ ਸਵੈ-ਨਿਰਭਰ ਸਨਅਤੀ ਢਾਂਚੇ ਦੀ ਨੀਂਹ ਮੰਨਿਆ ਜਾਂਦਾ ਏ। ਉਨ੍ਹਾਂ ਕਿਹਾ ਕਿ ਡਾ.

ਮੁਖਰਜੀ ਦੇ ਇਕ ਦੇਸ਼, ਇਕ ਵਿਧਾਨ, ਇਕ ਝੰਡਾ ਦੇ ਵਿਚਾਰ ਨੂੰ ਕੇਂਦਰ ਸਰਕਾਰ ਨੇ 5 ਅਗਸਤ 2019 ਨੂੰ ਧਾਰਾ 370 ਰੱਦ ਕਰ ਕੇ ਅਮਲੀ ਜਾਮਾ ਪੁਆਇਆ, ਜੋ ਕਿ ਡਾ. ਮੁਖਰਜੀ ਨੂੰ ਸੱਚੀ ਸ਼ਰਧਾਂਜਲੀ ਏ।

- Rajesh Bali Sir

HSP accident

ਅੱਜ ਸਵੇਰੇ ਹੁਸ਼ਿਆਰਪੁਰ ਨਜ਼ਦੀਕ ਦਸੂਹਾ ਵਿਚ ਇਕ ਮਿਨੀ ਬੱਸ ਦੇ ਪਲਟ ਜਾਣ ਨਾਲ ਉਸ ਵਿਚ ਸਵਾਰ 6 ਯਾਤਰੀਆਂ ਦੀ ਮੌਤ ਹੋ ਗਈ

ਜਦਕਿ ਦਰਜਨ ਤੋਂ ਵੱਧ ਜ਼ਖ਼ਮੀ ਹੋਏ ਨੇ। ਇਨ੍ਹਾਂ ਵਿੱਚੋਂ ਕੁਝ ਜ਼ਖ਼ਮੀਆਂ ਦੀ ਹਾਲਤ ਗੰਭੀਰ ਬਣੀ ਹੋਈ ਏ।

ਸੂਤਰਾਂ ਮੁਤਾਬਕ ਸਾਗਰਾਂ ਬੱਸ ਅੱਡੇ ਨੇੜੇ ਚਾਲਕ ਵੱਲੋਂ ਕੰਟਰੋਲ ਗੁਆ ਬੈਠਣ ਕਾਰਨ ਇਹ ਹਾਦਸਾ ਹੋਇਆ ਦੱਸਿਆ ਗਿਆ ਏ।

-- Dr. Sanjiv Bakshi PTC

Sankalp- Governor-1

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਲੁਧਿਆਣਾ ਵਿਚ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਦੇ ਹਾਲ ਵਿਚ ਕਰਵਾਏ ਗਏ 'ਸੰਕਲਪ ਸਨਮਾਨ ਸਮਾਗਮ' ਵਿਚ ਸ਼ਿਰਕਤ ਕਰ ਕੇ ਸਾਲ 2024-25 ਦੀ ਸੰਘ ਲੋਕ ਸੇਵਾ ਕਮਿਸ਼ਨ (ਯੂ.ਪੀ.ਐੱਸ.ਸੀ.) ਦੀ ਪ੍ਰੀਖਿਆ ਪਾਸ ਕਰਨ ਵਾਲੇ ਨੌਜਵਾਨਾਂ ਦਾ ਸਨਮਾਨ ਕੀਤਾ।

ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸਾਲ 2024-25 ਵਿਚ 1009 ਨੌਜਵਾਨਾਂ ਨੇ ਯੂ.ਪੀ.ਐੱਸ.ਸੀ. ਦੀ ਪ੍ਰੀਖਿਆ ਪਾਸ ਕੀਤੀ, ਜਿਨ੍ਹਾਂ ਵਿੱਚੋਂ 721 ਸੰਕਲਪ ਨਾਲ ਸਬੰਧਤ ਨੇ। ਉਨ੍ਹਾਂ ਕਿਹਾ ਕਿ ਇਹ ਖ਼ੁਸ਼ੀ ਵਾਲੀ ਗੱਲ ਹੈ ਕਿ ਇਨ੍ਹਾਂ 721 ਨੌਜਵਾਨਾਂ ਵਿੱਚੋਂ 18 ਪੰਜਾਬ ਤੋਂ ਨੇ। ਇਸ ਤੋਂ ਪਹਿਲਾਂ ਰਾਜਪਾਲ ਕਟਾਰੀਆ ਨੇ ਭਾਰਤ ਵਿਕਾਸ ਚੈਰੀਟੇਬਲ ਟਰੱਸਟ ਵਿਚ ਡਾਇਲਸਿਸ ਸੈਂਟਰ ਦਾ ਨੀਂਹ-ਪੱਥਰ ਰੱਖਿਆ ਤੇ ਕਾਇਆਕਲਪ ਕੇਂਦਰ ਦਾ ਉਦਘਾਟਨ ਕੀਤਾ।

- Rajesh Bali Sir

Indo-Uk match-1

ਭਾਰਤ ਨੇ ਬੀਤੀ ਰਾਤ ਇੰਗਲੈਂਡ ਦੇ ਬਰਮਿੰਘਮ ਵਿਚ ਐਂਡਰਸਨ-ਤੇਂਦੁਲਕਰ ਟਰਾਫੀ ਦੇ ਦੂਜੇ ਕ੍ਰਿਕਟ ਟੈਸਟ ਮੈਚ ਵਿਚ ਮੇਜ਼ਬਾਨ ਇੰਗਲੈਂਡ ਨੂੰ 336 ਦੌੜਾਂ ਨਾਲ ਹਰਾਇਆ। ਇਹ 58 ਸਾਲਾਂ ਦੇ ਵਕਫ਼ੇ ਤੋਂ ਬਾਅਦ ਇਸ ਮੈਦਾਨ ਵਿਚ ਭਾਰਤ ਦੀ ਪਹਿਲੀ ਟੈਸਟ ਜਿੱਤ ਏ। ਦੋਵਾਂ ਦੇਸ਼ਾਂ ਵਿਚਕਾਰ 5 ਮੈਚਾਂ ਦੀ ਲੜੀ ਹੁਣ 1-1 ਨਾਲ ਬਰਾਬਰ ਏ।

ਆਕਾਸ਼ਦੀਪ, ਇੰਗਲੈਂਡ ਵਿਚ ਇਕ ਮੈਚ ਵਿਚ 10 ਵਿਕਟਾਂ ਲੈਣ ਵਾਲਾ ਦੂਜਾ ਭਾਰਤੀ ਖਿਡਾਰੀ ਬਣ ਗਿਆ ਏ। ਇਸ ਤੋਂ ਪਹਿਲਾਂ ਚੇਤਨ ਸ਼ਰਮਾ ਨੇ ਇਹ ਕਾਰਨਾਮਾ 1986 ਵਿਚ ਕੀਤਾ ਸੀ।

ਕਪਤਾਨ ਸ਼ੁਭਮਨ ਗਿੱਲ ਦੀਆਂ ਪਹਿਲੀ ਪਾਰੀ ਵਿਚ 269 ਦੌੜਾਂ ਤੇ ਦੂਜੀ ਪਾਰੀ ਵਿਚ 161 ਦੌੜਾਂ ਦੀ ਬਦੌਲਤ, ਭਾਰਤ ਮਜ਼ਬੂਤ ਸਥਿਤੀ ਵਿਚ ਰਿਹਾ ਤੇ ਇੰਗਲੈਂਡ ਨੂੰ 608 ਦੌੜਾਂ ਦਾ ਟੀਚਾ ਦਿੱਤਾ। ਦੋਵਾਂ ਟੀਮਾਂ ਵਿਚਕਾਰ ਤੀਜਾ ਮੈਚ 10 ਜੁਲਾਈ ਨੂੰ ਲਾਰਡਜ਼ ਵਿਚ ਖੇਡਿਆ ਜਾਵੇਗਾ।

-- NSD

Weather

ਪੰਜਾਬ ਵਿਚ ਮੀਂਹ ਪੈਣ ਬਾਰੇ ਅੱਜ ਮੌਸਮ ਵਿਭਾਗ ਨੇ ਆਰੈਂਜ ਅਲਰਟ ਜਾਰੀ ਕੀਤਾ ਏ। ਮੌਸਮ ਵਿਭਾਗ ਦਾ ਅਨੁਮਾਨ ਏ ਕਿ ਇਸ ਸਾਲ ਮਾਨਸੂਨ ਦੌਰਾਨ ਪੂਰੇ ਪੰਜਾਬ ਵਿਚ ਆਮ ਨਾਲੋਂ ਵੱਧ ਮੀਂਹ ਪੈਣ ਦੇ ਆਸਾਰ ਨੇ। ਇਵੇਂ ਹੀ ਭਲਕੇ ਮੰਗਲਵਾਰ ਨੂੰ ਤਰਨਤਾਰਨ, ਕਪੂਰਥਲਾ, ਜਲੰਧਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ ਤੇ ਫ਼ਤਹਿਗੜ ਸਾਹਿਬ ਵਿਚ ਮੀਂਹ ਪੈਣ ਵਾਲੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ।

----HS

---

---